ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ
VOL-11 ISSUE 1795 | 8 July, 2024 Monday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ. ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 90418 78800

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

# ਗੁਰਦਾਸਪੁਰ 'ਚ ਚੱਲੀਆਂ ਤਾੜ-ਤਾੜ ਗੋਲੀਆਂ ਪਾਣੀ ਲਈ ਚਾਰ ਲੋਕ ਭੁੰਨ ਸੁੱਟੇ, 7 ਜ਼ਖ਼ਮੀ

**ਗੁਰਦਾਸਪੁਰ ਸਾਂਝੀ ਸੋਚ ਬਿਊਰੋ**



ਗੁਰਦਾਸਪੁਰ ਤੋਂ ਦਿਲ ਦਹਿਲਾਉਣ ਵਾਲੀ ਖਬਰ ਆਈ ਹੈ। ਇੱਥੇ ਦੋ ਧਿਰਾਂ ਵੱਲੋਂ ਕੀਤੀ ਗਈ ਅੰਨ੍ਹੇਵਾਹ ਫਾਇਰਿੰਗ ਵਿੱਚ ਚਾਰ ਲੋਕਾਂ ਦੀ ਮੌਤ ਹੋ ਗਈ। ਇਸ ਘਟਨਾ ਵਿੱਚ ਸੱਤ ਦੇ ਕਰੀਬ ਲੋਕ ਜ਼ਖ਼ਮੀ ਹੋਏ ਹਨ। ਦੱਸਿਆ ਜਾ ਰਿਹਾ ਹੈ ਕਿ ਦੋਵੇਂ ਧਿਰਾਂ ਨੇ 60 ਰਾਊਂਡ ਫਾਇਰ ਕੀਤੇ। ਇਹ ਲੜਾਈ ਰਜਬਾਹੇ ਦੀ ਪਾਣੀ ਨੂੰ ਲੈ ਕੇ ਹੋਈ।

ਦਰਅਸਲ ਸ੍ਰੀਹਰਗੋਬਿੰਦਪੁਰ ਦੇ ਲਾਈਟ ਚੌਂਕ ਵਿਖੇ ਸਰਕਾਰੀ ਪਾਣੀ ਵਾਲੀ ਖਾਲ (ਰਾਜਬਾਹਾ) ਨੂੰ ਲੈ ਕੇ ਐਤਵਾਰ ਸ਼ਾਮ ਨੂੰ ਦੋਵੇਂ ਧੜੇ ਆਹਮੋ-ਸਾਹਮਣੇ ਹੋ ਗਏ। ਇਸ ਦੌਰਾਨ ਦੋਵਾਂ ਧਿਰਾਂ ਨੇ ਇਕ ਦੂਜੇ 'ਤੇ ਕਰੀਬ 60 ਰਾਉਂਡ ਫਾਇਰ ਕੀਤੇ। ਫਾਇਰਿੰਗ ਦੌਰਾਨ ਚਾਰ ਲੋਕਾਂ ਦੀ ਮੌਤ ਹੋ ਗਈ, ਜਦਕਿ ਸੱਤ ਲੋਕ ਜ਼ਖਮੀ ਹੋ ਗਏ। ਜ਼ਖਮੀਆਂ 'ਚੋਂ ਦੋ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਮ੍ਰਿਤਕਾਂ ਦੀ ਪਛਾਣ ਪਹਿਲੀ ਧਿਰ ਦੇ ਸ਼ਮਸ਼ੇਰ ਸਿੰਘ ਤੇ ਬਲਜੀਤ ਸਿੰਘ ਵਾਸੀ ਪਿੰਡ ਵਿਠਵਾਂ ਵਜੋਂ ਹੋਈ ਹੈ, ਜਦਕਿ ਦੂਜੀ ਧਿਰ ਦੇ ਨਿਰਮਲ ਸਿੰਘ ਵਾਸੀ ਪਿੰਡ ਮੂੜ ਤੇ ਬਲਰਾਜ ਸਿੰਘ ਵਾਸੀ ਵਿਠਵਾਂ ਵਜੋਂ ਹੋਈ ਹੈ। ਪਰਿਵਾਰਕ ਮੈਂਬਰਾਂ ਨੇ ਜ਼ਖਮੀਆਂ ਨੂੰ ਸਿਵਲ ਹਸਪਤਾਲ ਪਹੁੰਚਾਇਆ ਤੇ ਪੁਲਿਸ ਨੂੰ ਸੂਚਨਾ ਦਿੱਤੀ।

ਇਸ ਤੋਂ ਬਾਅਦ ਕਈ ਸੀਨੀਅਰ ਪੁਲਿਸ ਅਧਿਕਾਰੀ ਤੇ ਥਾਣਾ ਇੰਚਾਰਜ ਮੌਕੇ 'ਤੇ ਪਹੁੰਚੇ ਤੇ ਜਾਂਚ ਸ਼ੁਰੂ ਕਰ ਦਿੱਤੀ। ਪਿੰਡ ਵਿਠਵਾਂ ਦੇ ਦੋ ਧੜਿਆਂ ਵਿੱਚ ਰੰਜਿਸ਼ ਚੱਲ ਰਹੀ ਸੀ ਜਿਸ ਨੇ ਖੂਨੀ ਰੂਪ ਧਾਰ ਲਿਆ। ਅੰਨ੍ਹੇਵਾਹ ਹੋਈ ਫਾਇਰਿੰਗ ਕਰਕੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਸਿਵਲ ਹਸਪਤਾਲ ਦੇ ਡਾਕਟਰ ਏਕਮਜੀਤ ਸਿੰਘ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਅੰਗਰੇਜ਼ ਸਿੰਘ ਤੇ ਸੁਰਿੰਦਰ ਸਿੰਘ ਜ਼ਖ਼ਮੀ ਹਾਲਤ ਵਿੱਚ ਉਨ੍ਹਾਂ ਕੋਲ ਆਏ। ਉਸ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਸ ਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ। ਬਾਅਦ ਵਿੱਚ ਸ਼ਮਸ਼ੇਰ ਸਿੰਘ ਤੇ ਬਲਜੀਤ ਸਿੰਘ ਨੂੰ ਇਲਾਜ ਲਈ ਹਸਪਤਾਲ ਲਿਆਂਦਾ ਗਿਆ ਪਰ ਉਨ੍ਹਾਂ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਸੀ। ਦੂਜੇ ਪਾਸੇ ਤੋਂ ਜ਼ਖਮੀਆਂ ਨੂੰ ਦੂਜੇ ਹਸਪਤਾਲ 'ਚ ਦਾਖਲ ਕਰਵਾਇਆ ਗਿਆ। ਐਸਐਚਓ ਸਤਪਾਲ ਸਿੰਘ ਨੇ ਦੱਸਿਆ ਕਿ ਲੜਾਈ ਰੰਜਿਸ਼ ਕਾਰਨ ਹੋਈ ਹੈ। ਗੋਲੀ ਲੱਗਣ ਕਾਰਨ 4 ਲੋਕਾਂ ਦੀ ਮੌਤ ਹੋ ਗਈ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਮਗਰੋਂ ਬਣਦੀ ਕਾਰਵਾਈ ਕੀਤੀ ਜਾਵੇਗੀ।

# ਜੰਮੂ-ਕਸ਼ਮੀਰ 'ਚ ਹੋਏ ਤਿੰਨ ਅੱਤਵਾਦੀ ਹਮਲਿਆਂ ਪਿੱਛੇ ਕਿਸ ਦਾ ਹੱਥ? ਖ਼ੁਫ਼ੀਆ ਏਜੰਸੀਆਂ ਨੂੰ ਮਿਲ ਗਿਆ ਸੁਰਾਗ

**ਕੁਲਗਾਮ ਸਾਂਝੀ ਸੋਚ ਬਿਊਰੋ**

ਸੁਰੱਖਿਆ ਏਜੰਸੀਆਂ ਨੂੰ ਪਿਛਲੇ ਮਹੀਨੇ ਜੰਮੂ 'ਚ ਵਾਪਰੀਆਂ ਤਿੰਨ ਵੱਡੀਆਂ ਅੱਤਵਾਦੀ ਘਟਨਾਵਾਂ ਅਤੇ ਰਾਜੌਰੀ 'ਚ ਹੋਏ ਅੱਤਵਾਦੀ ਹਮਲੇ ਦੇ ਸਬੰਧ 'ਚ ਅਹਿਮ ਜਾਣਕਾਰੀ ਮਿਲੀ ਹੈ। ਖੁਫੀਆ ਏਜੰਸੀ ਦੇ ਸੂਤਰਾਂ ਦਾ ਦਾਅਵਾ ਹੈ ਕਿ ਇਨ੍ਹਾਂ ਸਾਰੀਆਂ ਅੱਤਵਾਦੀ ਘਟਨਾਵਾਂ ਪਿੱਛੇ ਲਸ਼ਕਰ-ਏ-ਤੋਇਬਾ ਦੇ ਸਿਖਲਾਈ ਪ੍ਰਾਪਤ ਅੱਤਵਾਦੀ ਸਾਜਿਦ ਜੱਟ ਦਾ ਹੱਥ ਹੈ। ਸਾਜਿਦ ਜੱਟ ਇਸ ਸਮੇਂ ਇਸਲਾਮਾਬਾਦ, ਪਾਕਿਸਤਾਨ ਵਿੱਚ ਆਪਣੇ ਬੇਸ ਕੈਂਪ ਵਿੱਚ ਰਹਿ ਰਿਹਾ ਹੈ। ਇਸ ਤੋਂ ਪਹਿਲਾਂ ਉਹ ਲੰਬੇ ਸਮੇਂ ਤੋਂ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਵੀ ਸਰਗਰਮ ਸੀ। ਸਾਜਿਦ ਜੱਟ ਦੇ ਨਾਲ ਭਾਰਤੀ ਮੂਲ ਦੀ ਉਸ ਦੀ ਪਤਨੀ ਵੀ ਇਸਲਾਮਾਬਾਦ ਵਿੱਚ ਰਹਿ ਰਹੀ ਹੈ। ਸਾਜਿਦ ਜੱਟ ਇਸ ਸਮੇਂ ਲਸ਼ਕਰ ਲਈ ਭਰਤੀ ਦਾ ਕੰਮ ਸੰਭਾਲ ਰਿਹਾ ਹੈ। ਇਸ ਦੇ ਨਾਲ ਹੀ ਉਹ ਸਰਹੱਦ ਪਾਰ ਤੋਂ ਭਾਰਤ ਵਿਚ ਅੱਤਵਾਦੀਆਂ ਨੂੰ ਭੇਜਣ ਲਈ ਲਸ਼ਕਰ ਦੇ ਕੰਮ ਨੂੰ ਪੂਰਾ ਕਰਨ ਵਿਚ ਰੁੱਝਿਆ ਹੋਇਆ ਹੈ। ਸਾਜਿਦ ਨੂੰ ਲਸ਼ਕਰ-ਏ-ਤੋਇਬਾ ਦਾ ਆਪਰੇਸ਼ਨਲ ਕਮਾਂਡਰ ਵੀ ਕਿਹਾ ਜਾਂਦਾ ਹੈ। ਲਸ਼ਕਰ ਨੇ ਅੱਤਵਾਦੀ ਘਟਨਾਵਾਂ ਲਈ ਅੱਤਵਾਦੀ ਫੰਡਿੰਗ ਦੀ ਜ਼ਿੰਮੇਵਾਰੀ ਵੀ ਸਾਜਿਦ ਨੂੰ ਸੌਂਪੀ ਹੈ। ਸਾਜਿਦ ਜੱਟ ਪਿਛਲੇ ਕੁਝ ਸਾਲਾਂ 'ਚ ਕਸ਼ਮੀਰ ਘਾਟੀ 'ਚ ਹੋਏ ਅੱਤਵਾਦੀ ਹਮਲਿਆਂ 'ਚ ਫਸਿਆ ਰਿਹਾ ਹੈ। ਖੁਫੀਆ ਏਜੰਸੀਆਂ ਨੂੰ ਸ਼ੱਕ ਹੈ ਕਿ ਉਸ ਦਾ ਇਕ ਸਾਥੀ ਕਾਸਿਮ ਜੰਮੂ-ਕਸ਼ਮੀਰ 'ਚ ਸਰਗਰਮ ਹੈ, ਜਿਸ ਦੀ ਭਾਲ ਸਰਗਰਮੀ ਨਾਲ ਜਾਰੀ ਹੈ। ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ ਨੇ ਸਾਜਿਦ ਜੱਟ 'ਤੇ 10 ਲੱਖ ਰੁਪਏ ਦਾ ਇਨਾਮ ਵੀ ਐਲਾਨਿਆ ਹੈ। ਸਾਜਿਦ ਜੱਟ ਦਾ ਨਾਂ ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ ਦੀ ਵਾਂਟੇਡ ਲਿਸਟ 'ਚ ਨਿਸ਼ਚਿਤ ਤੌਰ 'ਤੇ ਸ਼ਾਮਲ ਹੈ। ਇਸ ਬਾਰੇ ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ ਦੀ ਮੋਸਟ ਵਾਂਟੇਡ ਲਿਸਟ 'ਚ ਲਿਖਿਆ ਗਿਆ ਹੈ ਕਿ ਸਫੀਉੱਲਾ ਉਰਫ ਸਾਜਿਦ ਜੱਟ ਪਿੰਡ ਸ਼ੰਘਮੰਗਾ, ਜ਼ਿਲਾ ਕਸੂਰ, ਪੰਜਾਬ, ਪਾਕਿਸਤਾਨ ਦਾ ਰਹਿਣ ਵਾਲਾ ਹੈ। ਇਸ ਦੇ ਅੱਤਵਾਦੀ ਸੰਗਠਨ ਲਸ਼ਕਰ-ਏ-ਤੋਇਬਾ ਅਤੇ **TRF** ਨਾਲ ਡੂੰਘੇ ਸਬੰਧ ਹਨ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

GINNY BEDI LAW PC
Immigration
Divorce
Custody and Support issues
Business Disputes
Living Trusts
Criminal Matters
Misdemeanors
DUI
Ginny Bedi Attorney
ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।
255 N Market St Ste 150 San Jose CA 95110
Tel: (408) 800-0242 Fax: (408) 800-0240, Mobile: (408) 802-2501
Email: ginny@ginnybedilaw.com Web: www.ginnybedilaw.com

Serving Punjabi Mother Tongue In America For The Last 12 Years
ਸਾਂਝੀ ਸੋਚ
DAILY SANJHI SOCH NEWSPAPER
LAUNCHING SOON IN Canada
ਖ਼ਬਰਾਂ, ਆਰਟੀਕਲ, ਕਵਿਤਾਵਾਂ, ਕਹਾਣੀਆਂ ਅਤੇ ਹੋਰ ਛਪਣਯੋਗ ਸਮੱਗਰੀ
LAUNCHING SOON
info@sanjhisoch.com ਤੇ ਭੇਜੋ
+1 (209) 303-1260 +91 81463-20009

Law Offices of
Ashwani K.Bhakhri
1299 Bayshore Hwy Suite 208 Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com



RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

PAL FILMS & PHOTO BOOKS
WWW.PALFILMS.COM
All Your Photo/Videography & Post Production needs Under One Roof
Music Video | Pre Shoots | Weddings | Birthdays | Graduations Stage Shows Or Any Kind Of Events | Customize Photobooks (upto 6 feet) Video Editing VFX/DI/CC & Much More....
Full Photo & Videography studio with Green Screen Blue Screen
PH: (925) 489 3400, (341) 356 1517
4007 Railroad Ave Pittsburgh, CA 94565 | Email: palfilms@yahoo.com, palfilms925@gmail.com

JRP REALTY GROUP
A TRADITION OF REAL ESTATE EXCELLENCE

SERVING CALIFORNIA FOR COMMERCIAL REAL ESTATE NEEDS




Specializing in all Types of Commercial Proprtries

Gas Stations, Apartments, Commercial Buildings, Liquor stores and Land

CALL TODAY TO BUY/SELL YOUR REAL ESTATE/ BUSINESS

Jaswant S.Pannu
Office: 209-900-1994
Cell: 408-340-0157
jaswantpannu@yahoo.com

Raman Singh
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



LENDINGASSETS
Elevating Your Mortgage Experience

Home Loan ਘਰਾਂ ਦੇ ਲੋਨ

★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

LOVEPREET KAUR
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

★ Minimun credit score 580
★ Short sales/Foreclosures/Bankruptcy No problem
★ FHA, conventional and ARM loans
★ Hard Money Loans
★ Second Mortgage
★ High Balance and Jumbo loans
★ "Second Mortgage" with Equity line of Credit
★ Refinance
★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

Refinance @2.75% APR or lower

EQUAL HOUSING OPPORTUNITY



Apply online at www.lendingassets.com and check out the live lowest rates on our website




# NAV INDIAN MERCHANDISE GROCERY STORE

## 3230 MITCHELL ROAD, STE, C, CERES, CA 95307



ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।





ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ

**ਇੱਕ ਵਾਰ Visit ਜ਼ਰੂਰ ਕਰੋ।**





Ria MONEY TRANSFER

**INDIA**
**ਪੈਸੇ ਭੇਜਣ ਲਈ**
**RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ**



**Contact Number**

# +1 (209) 537-5702

ਸਾਂਝੀ ਸੋਚ
SANJHI SOCH
www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

## ਸ਼ਹੀਦੀ ਦਿਨ 'ਤੇ ਵਿਸ਼ੇਸ਼

# ਲਾਸਾਨੀ ਸ਼ਹੀਦ ਭਾਈ ਮਨੀ ਸਿੰਘ ਜੀ

ਸਿੱਖ ਧਰਮ ਦਾ ਇਤਿਹਾਸ ਲਹੂ ਦੀ ਸਿਆਹੀ ਨਾਲ ਲਿਖਿਆ ਗਿਆ ਹੈ ਕਿਉਂਕਿ ਸੱਚੇ ਧਰਮ ਦੀ ਸਥਾਪਨਾ ਲਈ ਜੋ ਔਕੜਾਂ ਸਿੱਖਾਂ ਨੂੰ ਸਹਿਣੀਆਂ ਪਈਆਂ, ਅਤੇ ਜਿਸ ਉਤਸ਼ਾਹ ਅਤੇ ਚਾਅ ਨਾਲ ਸਿੱਖਾਂ ਨੂੰ ਦੇਸ਼ ਅਤੇ ਧਰਮ ਤੋਂ ਕੁਰਬਾਨ ਹੋਣਾ ਪਿਆ, ਸ਼ਾਇਦ ਉਸ ਦੀ ਮਿਸਾਲ ਦੁਨੀਆਂ ਦੇ ਇਤਿਹਾਸ ਵਿੱਚੋਂ ਲੱਭਣੀ ਮੁਸ਼ਕਿਲ ਹੋਵੇ। ਭਾਈ ਮਨੀ ਸਿੰਘ ਸਿੱਖ ਸ਼ਹੀਦਾਂ ਦੀ ਮਾਲਾ ਦਾ ਇੱਕ ਅਦੁੱਤੀ ਮੋਤੀ ਹੈ ਜਿਸ ਨੇ ਆਪਣੇ ਬੰਦ ਬੰਦ ਕਟਵਾ ਕੇ ਸੰਕਟ-ਕਾਲ ਵਿੱਚ ਸਿੱਖ ਧਰਮ ਦੀ ਸ਼ਾਨ ਅਤੇ ਗੌਰਵ ਨੂੰ ਕਾਇਮ ਰੱਖਿਆ। ਭਾਈ ਮਨੀ ਸਿੰਘ ਦਾ ਚਰਿੱਤਰ ਆਤਮ-ਉਤਸਰਗੀ ਸਾਧਕਾਂ ਅਤੇ ਧਰਮ ਦੇ ਜਿਗਿਆਸੂਆਂ ਲਈ ਇੱਕ ਚਾਨਣ ਮੁਨਾਰਾ ਹੈ, ਜਿਸ ਦੀਆਂ ਚਰਿੱਤਰਗਤ ਵਿਸ਼ਿਸ਼ਟਤਾਵਾਂ ਦਾ ਅਨੁਕਰਣ ਕਰਕੇ ਕੋਈ ਵੀ ਧਰਮ-ਸਾਧਕ ਧੰਨ ਹੋ ਸਕਦਾ ਹੈ।

ਭਾਈ ਮਨੀ ਸਿੰਘ ਜੀ ਦਾ ਜਨਮ ਸੁਨਾਮ ਦੇ ਨੇੜੇ ਪਿੰਡ ਕੈਬੋਵਾਲ, 1701 ਬਿ. ਨੂੰ ਐਤਵਾਰ ਚੇਤਰ ਸੁਦੀ ਬਾਰ੍ਹਵੀਂ (10 ਮਾਰਚ 1662 ਈ. )ਨੂੰ ਮਾਈ ਦਾਸ ਤੇ ਮਾਤਾ ਮਧੁਰੀ ਬਾਈ ਦੇ ਗ੍ਰਿਹਿ ਵਿੱਚ ਹੋਇਆ। ਮਾਤਾ ਪਿਤਾ ਨੇ ਇਨ੍ਹਾਂ ਦਾ ਨਾਮ ਮਨੀਆ ਰਖ ਦਿੱਤਾ। ਆਪ ਦੇ ਵੱਡੇ ਵਡੇਰੇ ਮੁਗਲਾਂ ਦੀ ਨੌਕਰੀ ਕਰਦੇ ਸਨ ਜੋ ਗੁਰੂ ਹਰਗੋਬਿੰਦ ਸਾਹਿਬ ਦੇ ਦਰਸ਼ਨ ਕਰਨ ਤੋਂ ਬਾਅਦ ਸਿੱਖ ਹੋਏ ਤੇ ਉਨ੍ਹਾਂ ਦੀ ਸੇਵਾ ਵਿੱਚ ਰਹਿਣ ਲੱਗੇ। ਆਪ ਦੇ ਦਾਦਾ ਜੋ ਬਹੁਤ ਸੂਰਬੀਰ ਯੋਧਾ ਸਨ ਗੁਰੂ ਹਰਗੋਬਿੰਦ ਸਾਹਿਬ ਦੀ ਫੌਜ ਦੇ ਜਰਨੈਲ ਰਹਿ ਚੁੱਕੇ ਸਨ। ਭਾਈ ਮਨੀ ਸਿੰਘ, ਕੁਲ ਮਿਲਾ ਕੇ 12 ਭਰਾ ਸੀ। ਜਿਨ੍ਹਾਂ ਵਿੱਚੋਂ ਇੱਕ ਦੀ ਬਚਪਨ ਵਿੱਚ ਹੀ ਮੌਤ ਹੋ ਗਈ, ਗਿਆਰਾਂ ਭਰਾ ਪੰਥ ਲਈ ਸ਼ਹੀਦ ਹੋਏ ਜਿਨ੍ਹਾਂ ਵਿੱਚੋਂ ਇੱਕ ਭਾਈ ਦਿਆਲਾ ਚਾਂਦਨੀ ਚੌਂਕ ਵਿਖੇ ਗੁਰੂ ਤੇਗ ਬਹਾਦਰ ਸਾਹਿਬ ਨਾਲ ਸ਼ਹੀਦ ਹੋਇਆ। ਇਹ ਪਰਿਵਾਰ ਸ਼ਹੀਦਾਂ ਦਾ ਪਰਿਵਾਰ ਕਿਹਾ ਜਾਂਦਾ ਹੈ ਕਿਉਂਕਿ ਇਕੱਲੇ ਭਾਈ ਮਨੀ ਸਿੰਘ ਦੇ ਪਰਿਵਾਰ ਵਿੱਚ ਭਾਈ ਮਨੀ ਸਿੰਘ ਜੀ ਦਾ ਦਾਦਾ ਸ਼ਹੀਦ, ਉਨ੍ਹਾਂ ਸਮੇਤ ਇਹ 11 ਭਰਾ ਸਹੀਦ, 10 ਪੁੱਤਰਾਂ ਵਿੱਚੋਂ 7 ਪੁਤਰ ਤੇ ਅਗੋਂ ਭਰਾਵਾਂ ਦੇ ਪੁੱਤਰ ਕੁਲ ਮਿਲਾ 29 ਸ਼ਹੀਦ ਹੋਏ ਹਨ।

13 ਵਰ੍ਹਿਆਂ ਦੀ ਆਯੂ ਵਿੱਚ ਮਨੀ ਸਿੰਘ ਆਪਣੇ ਪਿਤਾ ਦੇ ਸੰਗ ਸੱਤਵੇਂ ਗੁਰੂ ਹਰਿ ਰਾਇ ਸਾਹਿਬ ਦੇ ਦਰਸ਼ਨ ਲਈ ਕੀਰਤਪੁਰ ਆਏ ਤੇ ਗੁਰੂ ਦਰਬਾਰ ਵਿੱਚ ਦੋ ਵਰ੍ਹੇ ਰਹੇ। ਸਾਰਮੌਰ (ਸਿਰਮੌਰ) ਦੇ ਰਾਜੇ ਫਤਹ ਸ਼ਾਹ ਨੇ 1745 ਬਿ. (ਸੰਨ 1688) ਦੇ 18 ਅਸੂ ਨੂੰ ਗੁਰੂ ਜੀ ਉਪਰ ਧਾਵਾ ਕੀਤਾ ਤਾਂ ਗੁਰੂ ਜੀ ਦੇ ਜਿਨ੍ਹਾਂ ਨਾਮੀ ਸਿੱਖਾਂ ਨੇ ਇਸ ਭੰਗਾਣੀ ਦੇ ਪ੍ਰਸਿੱਧ ਯੁੱਧ ਵਿੱਚ ਹਿੱਸਾ ਲਿਆ, ਉਨ੍ਹਾਂ ਵਿੱਚ ਭਾਈ ਮਨੀ ਸਿੰਘ ਦਾ ਨਾਂ ਵਿਸ਼ੇਸ਼ ਉਲੇਖਯੋਗ ਹੈ।

ਕਹਿਲੂਰ ਦੇ ਰਾਜੇ ਭੀਮ ਚੰਦ ਨੇ ਸੰਕਟ ਬਣਨ 'ਤੇ ਗੁਰੂ ਜੀ ਨੂੰ ਸਹਾਇਤਾ ਦੇਣ ਦੀ ਪ੍ਰਾਰਥਨਾ ਕੀਤੀ। ਗੁਰੂ ਜੀ ਨਦੌਣ ਸਾਹਿਬ ਲਈ ਗਏ। ਸੰਮਤ 1747 ਸੰਨ 1691 ਦੇ ਚੇਤਰ ਮਹੀਨੇ ਦੀ 22 ਨੂੰ ਹੋਏ ਨਦੌਣ ਯੁੱਧ ਵਿੱਚ ਭਾਈ ਮਨੀ ਸਿੰਘ ਸਮੇਤ ਚੋਣਵੇਂ ਸਿੱਖ ਸ਼ਾਮਲ ਹੋਏ। ਨਦੌਣੋਂ ਪਰਤਣ 'ਤੇ ਭਾਈ ਮਨੀ ਸਿੰਘ ਦੇ ਸਿੱਖੀ ਸਿਦਕ ਤੋਂ ਪ੍ਰਸੰਨ ਹੋ ਕੇ ਦਸਮ ਗੁਰੂ ਜੀ ਨੇ ਭਾਈ ਮਨੀ ਸਿੰਘ ਨੂੰ ਗੁਰੂ ਦਰਬਾਰ ਦੀ ਦੀਵਾਨਗੀ ਦੀ ਪਦਵੀ ਬਖਸ਼ੀ।




ਸੰਮਤ 1783 ਦੀ ਵਿਸਾਖੀ ਨੂੰ ਗੁਰੂ ਜੀ ਨੇ ਖਾਲਸਾ ਪੰਥ ਦੀ ਸਾਜਨਾ ਕੀਤੀ। ਉਸ ਸਮੇਂ ਭਾਈ ਮਨੀ ਸਿੰਘ ਦੇ ਨਾਲ ਉਨ੍ਹਾਂ ਦੇ ਦੋ ਭਰਾਵਾਂ ਤੇ ਪੰਜ ਪੁੱਤਰਾਂ ਨੇ ਅੰਮ੍ਰਿਤ ਪਾਨ ਕੀਤਾ ਤੇ ਉਹ ਮਨੀ ਰਾਮ ਤੋਂ ਮਨੀ ਸਿੰਘ ਬਣ ਗਏ। ਸੰਮਤ 1752 ਬਿ. (1695 ਈ.) ਵਿੱਚ ਹੁਸੈਨ ਖ਼ਾਨ ਨਾਲ ਹੋਏ ਯੁੱਧ ਵਿੱਚ ਗੁਰੂ ਜੀ ਦੇ ਨਾਲ ਆਪ ਨੇ ਵੀ ਜੌਹਰ ਦਿਖਾਏ।

ਦਰਬਾਰ ਸਾਹਿਬ ਅੰਮ੍ਰਿਤਸਰ ਕੁਝ ਸਾਲਾਂ ਬਾਅਦ ਜਦ ਸੋਢੀ ਹਰਿ ਜੀ ਦੀ ਮੌਤ ਹੋ ਗਈ ਤਾਂ ਉਸਦਾ ਪੁੱਤਰ ਸੋਢੀ ਨਿਰੰਜਨ ਰਾਇ ਗੱਦੀ 'ਤੇ ਬੈਠਾ। ਉਸ ਦੀ ਸ਼ਕਾਇਤ ਸੰਗਤ ਨੇ ਗੁਰੂ ਗੋਬਿੰਦ ਸਿੰਘ ਨੂੰ ਆਨੰਦਪੁਰ ਸਾਹਿਬ ਆ ਕੀਤੀ।



ਸਿੱਟੇ ਵਜੋਂ ਗੁਰੂ ਜੀ ਨੇ ਅਕਾਲ ਬੁੰਗੇ ਅਤੇ ਹਰਿਮੰਦਰ ਸਾਹਿਬ ਦੀ ਸੇਵਾ ਕਰਨ ਲਈ ਆਪ ਨੂੰ ਪੰਜ ਸਿਦਕੀ ਸਿੰਘਾਂ- ਭਪਤਿ ਸਿੰਘ, ਗੁਲਜ਼ਾਰ ਸਿੰਘ, ਕੋਇਰ ਸਿੰਘ, ਦਾਨ ਸਿੰਘ ਅਤੇ ਕੀਰਤ ਸਿੰਘ- ਸਹਿਤ ਸੰਗਤ ਨਾਲ ਅੰਮ੍ਰਿਤਸਰ ਦੀ ਵਿਵਸਥਾ ਠੀਕ ਕਰਨ ਲਈ ਭੇਜਿਆ। ਆਪ ਨੇ ਅੰਮ੍ਰਿਤਸਰ ਪਹੁੰਚ ਕੇ ਮੀਣਿਆਂ ਵਲੋਂ ਪਾਈਆਂ ਕੁਪ੍ਰਥਾਵਾਂ ਨੂੰ ਦੂਰ ਕੀਤਾ ਅਤੇ ਸਿੱਖੀ ਦੀ ਮਰਯਾਦਾ ਨੂੰ ਫਿਰ ਤੋਂ ਭਰਪੂਰ ਰੂਪ ਵਿੱਚ ਪ੍ਰਚੱਲਿਤ ਕੀਤਾ।

ਬੰਦਾ ਬਹਾਦਰ ਦੀ ਸ਼ਹੀਦੀ ਤੋਂ ਛੇ ਸਾਲ ਪਿੱਛੋਂ ਸਿੱਖਾਂ ਦੇ ਦੋ ਧੜੇ ਬਣ ਗਏ। ਇੱਕ ਧੜਾ ਅਕਾਲ ਪੁਰਖੀਆਂ (ਤੱਤ ਖਾਲਸਾ-ਨਿਹੰਗ ਸਿੰਘਾਂ) ਦਾ ਸੀ ਜੋ ਦਸਮ ਪਾਤਸ਼ਾਹ ਤੋਂ ਬਾਅਦ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਗੁਰੂ ਮੰਨਦਾ ਸੀ। ਦੂਜਾ ਧੜਾ ਬੰਦਈ ਖਾਲਸਾ ਸੀ ਜੋ ਬਾਬਾ ਬੰਦਾ ਸਿੰਘ ਬਹਾਦਰ ਨੂੰ ਗਿਆਰਵਾਂ ਗੁਰੂ ਮੰਨਦਾ ਸੀ ਤੇ ਉਸ ਸਮੇਂ ਇਸ ਧੜੇ ਦਾ ਨੇਤਾ ਮਹੰਤ ਅਮਰ ਸਿੰਘ ਖੇਮਕਰਨੀਆਂ ਸੀ। ਭਾਈ ਮਨੀ ਸਿੰਘ ਨੇ ਦੋਹਾਂ ਧੜਿਆਂ ਵਿੱਚ ਏਕਤਾ ਕਰਵਾ ਦਿੱਤੀ।

ਸੰਮਤ 1790 ਬਿ. (1733 ਈ.) ਦੀ ਦੀਵਾਲੀ ਦਾ ਪੁਰਬ ਨੇੜੇ ਆ ਚੁੱਕਾ ਸੀ। ਉਸ ਨੂੰ ਮਨਾਉਣ ਲਈ ਲਾਹੌਰ ਦੇ ਨਾਮੀ ਸਿੰਘਾਂ ਸੂਬਦਾਰ (ਜ਼ਕਰੀਆ ਖਾਨ) ਨਾਲ ਗੱਲ ਤੋਰੀ। ਉਸ ਨੇ ਮੇਲੇ ਦੀ ਇਜਾਜ਼ਤ ਦੇਣ ਬਦਲੇ ਜਜ਼ੀਆ (ਕਰ) ਮੰਗਿਆ। ਭਾਈ ਸਾਹਿਬ ਜਜ਼ੀਏ ਦੀ ਰਕਮ ਮੇਲੇ ਉਪਰੰਤ ਦੇਣੀ ਪੱਕੀ ਕਰਕੇ ਵਾਪਸ ਅੰਮ੍ਰਿਤਸਰ ਪਰਤੇ। ਚਿੱਠੀਆਂ ਰਾਹੀਂ ਸਾਰੇ ਸਿੱਖਾਂ ਨੂੰ ਸ਼ਾਮਲ ਹੋਣ ਲਈ ਸਦਾ ਪੱਤਰ ਭੇਜੇ ਗਏ। ਇਧਰ ਮੀਣਿਆਂ ਨੇ ਸਿੱਖਾਂ ਨੂੰ ਪੂਰੀ ਤਰ੍ਹਾਂ ਖਤਮ ਕਰਨ ਦੀਆਂ ਗੋਂਦਾਂ ਗੁੰਦੀਆਂ ਅਤੇ ਸੂਬੇ ਨੂੰ ਉਕਸਾਇਆ।

ਲਾਹੌਰ ਨਿਵਾਸੀ ਸਿੰਘਾਂ ਨੂੰ ਸਾਰੀ ਸਾਜ਼ਿਸ਼ ਦਾ ਪਤਾ ਲੱਗਣ 'ਤੇ ਉਨ੍ਹਾਂ ਨੇ ਭਾਈ ਮਨੀ ਸਿੰਘ ਨੂੰ ਤੁਰੰਤ ਸੂਚਿਤ ਕੀਤਾ। ਆਪ ਨੇ ਤੁਰੰਤ ਚਿੱਠੀਆਂ ਲਿਖਕੇ ਸਿੰਘਾਂ ਨੂੰ ਅੰਮ੍ਰਿਤਸਰ ਆਉਣ ਤੋਂ ਵਰਜ ਦਿੱਤਾ। ਫਲਸਰੂਪ, ਦਰਬਾਰ ਸਾਹਿਬ ਵਿੱਚ ਚੜ੍ਹਤ ਬਹੁਤ ਘਟ ਚੜ੍ਹੀ, ਜਿਸ ਕਰਕੇ ਕਰ ਦੀ ਰਕਮ ਅਦਾ ਨਾ ਕੀਤੀ ਜਾ ਸਕੀ।

ਸੂਬੇ ਨੂੰ ਕਰ ਨਾ ਮਿਲਣ ਕਾਰਨ ਉਸ ਨੇ ਭਾਈ ਮਨੀ ਸਿੰਘ ਦੀ ਜਵਾਬ-ਤਲਬੀ ਕੀਤੀ। ਭਾਈ ਮਨੀ ਸਿੰਘ ਨੇ ਸਥਿਤੀ ਸਪੱਸ਼ਟ ਕਰਨ ਲਈ ਭਾਈ ਭੂਪਤਿ ਸਿੰਘ ਅਤੇ ਭਾਈ ਗੁਲਜ਼ਾਰਾ ਸਿੰਘ ਨੂੰ ਲਾਹੌਰ ਭੇਜਿਆ। ਇਨ੍ਹਾਂ ਨੇ ਸਾਰਾ ਕੁਝ ਦਸਿਆ ਤੇ ਇਹ ਰਕਮ ਵਿਸਾਖੀ ਪੁਰਬ 'ਤੇ ਦੇਣ ਦਾ ਵਾਅਦਾ ਕੀਤਾ। ਸੂਬੇ ਨੇ ਕੁਰਾਨ ਦੀ ਕਸਮ ਚੁੱਕ ਕੇ ਪਰਸਪਰ ਮੇਲ ਅਤੇ ਸ਼ਾਂਤੀ ਦਾ ਵਿਸ਼ਵਾਸ ਦਿਵਾਇਆ।

ਸਿੰਘਾਂ ਨੇ ਦਸ ਦਿਨਾਂ ਲਈ ਵਿਸਾਖੀ ਦਾ ਪੁਰਬ ਮਨਾਉਣ ਲਈ ਦਸ ਹਜ਼ਾਰ ਰੁਪਏ ਦੇਣੇ ਕਰਕੇ ਪ੍ਰਵਾਨਗੀ ਲਿਖਤੀ ਰੂਪ ਵਿੱਚ ਪ੍ਰਾਪਤ ਕਰ ਲਈ। ਦੋਹਾਂ ਸਿੰਘਾਂ ਨੇ ਪਰਤ ਕੇ ਸਾਰੀ ਗੱਲ ਭਾਈ ਮਨੀ ਸਿੰਘ ਨੂੰ ਦੱਸੀ।

ਵਿਸਾਖੀ ਦਾ ਪੁਰਬ ਆ ਗਿਆ। ਜੁਝਾਰੂ ਖਾਲਸਾ ਦੂਰ ਰਿਹਾ ਕਿਉਂਕਿ ਭਾਈ ਮਨੀ ਸਿੰਘ ਨੂੰ ਪਹਿਲਾਂ ਹੀ ਖਬਰ ਮਿਲ ਚੁੱਕੀ ਸੀ ਕਿ ਲਖੂ (ਲਖਪਤ ਰਾਇ) ਨਾਂ ਦੇ ਵਜ਼ੀਰ ਨੂੰ ਲਾਹੌਰ ਦੇ ਸੂਬੇ ਨੇ ਸਿੱਖਾਂ ਨੂੰ ਕੁਚਲਣ ਲਈ ਫੌਜ ਸਹਿਤ ਰਾਮ ਤੀਰਥ ਠਹਿਰਾ ਰਖਿਆ ਸੀ। ਪਰ ਸਿੰਘਾਂ ਦੇ ਨਾ ਆਉਣ ਕਰਕੇ ਹਾਕਮਾਂ ਦੀ ਸਾਰੀ ਸਾਜ਼ਿਸ਼ ਵਿਅਰਥ ਸਿੱਧ ਹੋਈ।

ਇਸ 'ਤੇ ਸਭ ਵੈਰੀਆਂ ਨੇ ਰਲ ਕੇ ਸੂਬੇ ਦੇ ਕੰਨ ਭਰੇ ਕਿ ਬੁਕਲ ਦੇ ਸੱਪ ਵਰਗੇ ਸਿੱਖਾਂ ਦੇ ਮੁਖੀਏ ਭਾਈ ਮਨੀ ਸਿੰਘ ਨੂੰ ਜਲਦੀ ਖਤਮ ਕਰਨਾ ਚਾਹੀਦਾ ਹੈ। ਫਲਸਰੂਪ ਲਾਹੌਰ ਦੀ ਫੌਜ ਨੇ ਅੰਮ੍ਰਿਤਸਰ ਨੂੰ ਘੇਰ ਲਿਆ ਅਤੇ ਭਾਈ ਮਨੀ ਸਿੰਘ ਆਦਿ ਨਾਮੀ ਸਿੱਖਾਂ ਨੂੰ ਫੜ ਕੇ ਲਾਹੌਰ ਲੈ ਗਏ। ਇਸ ਤੋਂ ਇਲਾਵਾ ਹੋਰ ਨੇੜੇ ਤੇੜੇ ਦੇ ਸਿੱਖ ਵੀ ਫੜ ਲਏ ਗਏ ਅਤੇ ਸਭ ਸਿੱਖਾਂ ਦੇ ਘਰ ਬਾਰ ਲੁਟ ਲਏ ਗਏ। ਸਭ ਪਾਸੇ ਹਾਹਾਕਾਰ ਮਚ ਗਿਆ। ਸਥਿਤੀ ਅਨੁਕੂਲ ਨਾ ਵੇਖ ਕੇ ਸੁਖਾ ਸਿੰਘ ਵਰਗੇ ਜੁਝਾਰੂ ਸਿੰਘ ਜੈਪੁਰ ਵੱਲ ਚਲ ਗਏ। ਲਾਹੌਰ ਦੇ ਸੂਬੇ ਨੇ ਅੰਮ੍ਰਿਤ ਸਰੋਵਰ ਮਿੱਟੀ, ਹੱਡ, ਚੰਮ ਆਦਿ ਨਾਲ ਪੂਰ ਦਿੱਤਾ।

ਲਾਹੌਰ ਦੇ ਜ਼ੇਲਖਾਨੇ ਵਿੱਚ ਭਾਈ ਮਨੀ ਸਿੰਘ ਸਿੰਘਾਂ ਨੂੰ ਨਿੱਤਪ੍ਰਿਤ ਕਥਾ ਸੁਣਾਂਦੇ ਰਹੇ। ਸੂਬੇ ਨੇ ਭਾਈ ਮਨੀ ਸਿੰਘ ਨੂੰ ਬੁਲਾ ਕੇ ਕਿਹਾ ਕਿ ਉਸ ਪਾਸ ਨਿੱਤ ਸਿੱਖ ਆਂਉਂਦੇ ਜਾਂਦੇ ਰਹਿੰਦੇ ਹਨ, ਉਹ ਉਨ੍ਹਾਂ ਸਾਰਿਆਂ ਨੂੰ ਪਕੜਾ ਦੇਵੇ ਨਹੀਂ ਤਾਂ ਉਸ ਦੀ ਆਪਣੀ ਸ਼ਾਮਤ ਆਵੇਗੀ। ਪਰ ਭਾਈ ਮਨੀ ਸਿੰਘ ਨੇ ਰੋਹ ਵਿੱਚ ਆ ਕੇ ਕਿਹਾ :-

ਮਨੀ ਸਿੰਘ ਤਬ ਇਮ ਕਹਿਯੋ : 'ਸੁਣੇ ਬਹਾਦਰ ਖਾਨ। ਨਿਸ ਦਿਨ ਬੋਲੋਂ ਝੂਠ ਤਉਂ, ਖਾ ਕੇ ਕਸਮ ਕੁਰਾਨ। 198।

ਝੂਠ ਬੋਲਣਾ ਖਾਨ ਜੀ। ਨਹਿ ਸਿੰਘਨ ਕਾ ਕਾਮ। ਕੱਟ ਜਾਏ ਅੰਗ ਅੰਗ ਭੀ, ਦੇਣਾ ਦਗਾ ਹਰਾਮ। 199।

ਹੋਰਨਾਂ ਮੁੱਖੀ ਸਿੰਘਾਂ ਨੇ ਵੀ ਡੱਟ ਕੇ ਭਾਈ ਮਨੀ ਸਿੰਘ ਦਾ ਸਾਥ ਦਿੱਤਾ। ਸੂਬੇ ਨੇ ਭਾਈ ਗੁਲਜ਼ਾਰ ਸਿੰਘ, ਭਾਈ ਭੂਪਤਿ ਸਿੰਘ, ਭਾਈ ਮੁਹਕਮ ਸਿੰਘ, ਭਾਈ ਚੈਨ ਸਿੰਘ, ਭਾਈ ਕੀਰਤ ਸਿੰਘ, ਭਾਈ ਆਲਮ ਸਿੰਘ, ਭਾਈ ਅਉਲੀਆ ਸਿੰਘ, ਭਾਈ ਸੰਗਤ ਸਿੰਘ, ਭਾਈ ਕਾਨ੍ਹ ਸਿੰਘ ਆਦਿਕ ਮੁੱਖੀ ਸਿੰਘਾਂ ਨੂੰ ਭਾਈ ਮਨੀ ਸਿੰਘ ਸਹਿਤ ਬਹੁਤ ਕਸ਼ਟ ਅਤੇ ਦੁੱਖ ਦਿੱਤੇ ਅਤੇ ਅੰਤ ਸੰਮਤ 1791 (1734 ਈ.) ਹਾੜ ਸੁਦੀ ਪੰਚਮੀ ਨੂੰ ਭਾਈ ਮਨੀ ਸਿੰਘ ਨੂੰ ਹੋਰ ਸਿੰਘਾਂ ਸਹਿਤ ਨਿਖਾਸ ਚੌਂਕ (ਜਿਥੇ ਹੁਣ ਗੁਰਦੁਆਰਾ ਸ਼ਹੀਦ ਗੰਜ ਹੈ), ਵਿੱਚ ਬੰਦ ਬੰਦ ਕੱਟ ਕੇ ਸ਼ਹੀਦ ਕੀਤਾ ਗਿਆ।

ਇਸ ਤਰ੍ਹਾਂ ਭਾਈ ਮਨੀ ਸਿੰਘ ਨੇ 90 ਵਰ੍ਹਿਆਂ ਦੀ ਉਮਰ ਵਿੱਚ ਬੰਦ ਬੰਦ ਕਟਵਾਕੇ ਆਪਣੀ ਸ਼ਹਾਦਤ ਦਿੱਤੀ। ਭਾਈ ਮਨੀ ਸਿੰਘ ਦੇ ਸੰਮਤ 1791 (1734) ਈ. ਵਿੱਚ ਬੰਦ ਬੰਦ ਕੱਟੇ ਜਾਣ ਦੀ ਘਟਨਾ ਨਾਲ ਲਗਭਗ ਸਾਰੇ ਇਤਿਹਾਸਕਾਰ ਅਤੇ ਭੱਟ-ਵਹੀਆਂ ਸਹਿਮਤ ਹਨ।

ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ ਪੜ੍ਹੋ ਪੁਸਤਕ, ਭਾਈ ਮਨੀ ਸਿੰਘ, ਜੀਵਨ ਤੇ ਰਚਨਾ,ਲੇਖਕ ਡਾ.ਰਤਨ ਸਿੰਘ ਜੱਗੀ, ਪ੍ਰਕਾਸ਼ਕ ਪੰਜਾਬੀ ਯੂਨੀਵਰਸਿਟੀ ਪਟਿਆਲਾ,1993



# GINNY BEDI LAW PC



## Ginny Bedi Attorney

- ★ Immigration
- ★ Divorce
- ★ Custody and Support issues
- ★ Business Disputes
- ★ Living Trusts
- ★ Criminal Matters
- ★ Misdemeanors
- ★ DUI

ਤੁਸੀਂ ਸਾਡੇ ਨਾਲ ਪੰਜਾਬੀ ਵਿੱਚ ਗੱਲਬਾਤ ਕਰ ਸਕਦੇ ਹੋ।

**255 N Market St Ste 150 San Jose CA 95110**

Tel: (408) 800-0242 Fax: (408) 800-0240, Mobile: (408) 802-2501

Email: ginny@ginnybedilaw.com Web: www.ginnybedilaw.com


SAI JEWELERS
Making Every
Occassion Beautiful
30 ਸਾਲ ਤੋਂ ਵੱਧ ਦਾ ਤਜ਼ਰਬਾ | 3 ਪੀੜੀਆਂ ਤੋਂ ਕਰ ਰਹੇ ਗਹਿਣਿਆਂ ਦਾ ਕੰਮ
ਹਰ ਤਰ੍ਹਾਂ ਦੇ ਸੋਨੇ ਤੇ ਚਾਂਦੀ ਦੇ ਮਨਪਸੰਦ ਗਹਿਣੇ ਖ਼ਰੀਦੋ
ਗਹਿਣੇ ਪਾਲਿਸ਼ ਜਾਂ Repair ਕਰਵਾਓ
Exchange & Trade of
Jewellery Available
ਸਾਡੇ ਕੋਲ Gold ਤੇ Silver ਦੇ ਸਿੱਕੇ ਵੀ ਮਿਲਦੇ ਹਨ
Diamond Jewellery ਵਿਚ ਵੀ ਕਰਦੇ ਹਾਂ DEAL
ਤੁਸੀਂ ਸਾਡੇ ਕੋਲੋਂ ਗਹਿਣੇ Exchange ਵੀ ਕਰਵਾ ਸਕਦੇ ਹੋ
(ਅਸੀਂ ਪੁਰਾਣੇ ਗਹਿਣੇ ਲੈਕੇ ਨਵੇਂ ਗਹਿਣੇ ਦਿੰਦੇ ਹਾਂ )
Open : Tuesday -Sunday | 11:00 AM- 6:00 PM
Monday Available -By Call -ON APPPOINTMENTS
Visit our Store to Explore New Designs
ਵਧੇਰੇ ਜਾਣਕਾਰੀ ਲਈ ਕਾਲ ਕਰੋ :
ਧਰਮ ਚੌਹਾਨ -(209) 678-6600 | ਸਟੋਰ ਨੰਬਰ -(209) 408-8553
ADDRESS : 2900, Standiford Ave Ste, 16 B Modesto CA 95350


IAPW
INTERNATIONAL ASSOCIATION of PUNJABI WOMEN
26TH ANNUAL
ONE N ONE ONLY
YUBA CITY
HARMANDEEP KAUR
GUEST APPEARANCE
SURLEENA SINGH
AND TEAM SANGEET BY
SAKHIYAN FROM CANADA
GUEST APPEARANCE
SHIPRA GOYAL
TEEYAN DA Mela
TIME: 11AM TO 7PM
YUBA SUTTER FAIR GROUNDS
442 FRANKLIN AVEYUBA CITY, CA 95991
SEPT 1ST 2024
(SUNDAY BEFORE LABORDAY)
Ticket
$10 MANDATORY RAFFLE
ENTRY TICKET AT THE GATE
FOR PARTICIPATION, BOOTH BOOKINGS
N SPONSORSHIP, PLEASE CONTACT
CALL : (530) 845-4800
JOT RANJIT KAUR
(HOST)
PARM TAKHAR
(HOST)

# ਹਾਥਰਸ ਹਾਦਸੇ ਦਾ ਮੁੱਖ ਮੁਲਜ਼ਮ ਨਿਆਂਇਕ ਹਿਰਾਸਤ 'ਚ ਭੇਜਿਆ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਹਾਥਰਸ ਘਟਨਾ ਜਿਸ ਵਿੱਚ 121 ਵਿਅਕਤੀਆਂ ਦੀ ਮੌਤ ਹੋਈ ਸੀ, ਦੇ ਮੁੱਖ ਮੁਲਜ਼ਮ ਦੇਵਪ੍ਰਕਾਸ਼ ਮਧੁਕਰ ਨੂੰ ਹਾਥਰਸ ਪੁਲੀਸ ਦੀ ਵਿਸ਼ੇਸ਼ ਟੀਮ ਵੱਲੋਂ ਦਿੱਲੀ ਦੇ ਨਜਫਗੜ੍ਹ ਇਲਾਕੇ ਤੋਂ ਗ੍ਰਿਫ਼ਤਾਰ ਕੀਤੇ ਜਾਣ ਮਗਰੋਂ ਅੱਜ ਮੈਜਿਸਟਰੇਟ ਅਦਾਲਤ 'ਚ ਪੇਸ਼ ਕੀਤਾ ਗਿਆ। ਅਦਾਲਤ ਨੇ ਉਸ ਨੂੰ 14 ਦਿਨਾ ਦੀ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ ਹੈ। ਪੁਲੀਸ ਨੇ ਦਾਅਵਾ ਕੀਤਾ ਕਿ ਹਾਲ ਹੀ ਵਿੱਚ ਕੁਝ ਸਿਆਸੀ ਪਾਰਟੀਆਂ ਨੇ ਮਧੁਕਰ ਨਾਲ ਸੰਪਰਕ ਕੀਤਾ ਹੈ ਅਤੇ ਉਨ੍ਹਾਂ ਨੂੰ ਸ਼ੱਕ ਹੈ ਕਿ ਆਪੂੰ ਬਣੇ ਧਰਮ ਗੁਰੂ ਦੇ ਪ੍ਰੋਗਰਾਮ ਨੂੰ ਇੱਕ ਸਿਆਸੀ ਪਾਰਟੀ ਵੱਲੋਂ ਫੰਡਿੰਗ ਕੀਤੀ ਜਾਂਦੀ ਹੈ।

ਪੁਲੀਸ ਅਨੁਸਾਰ ਹਾਥਰਸ 'ਚ ਮਚੀ ਭਗਦੜ ਦੇ ਸਬੰਧ ਵਿੱਚ ਦੋ ਹੋਰ ਮਸ਼ਕੂਕ ਰਾਮ ਪ੍ਰਕਾਸ਼ ਸ਼ਾਕਿਆ (61) ਤੇ ਸੰਜੂ ਯਾਦਵ (33) ਨੂੰ ਹਿਰਾਸਤ 'ਚ ਲਿਆ ਗਿਆ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇੱਕ ਅਦਾਲਤ ਨੇ ਸੰਜੂ ਯਾਦਵ ਨੂੰ ਵੀ 14 ਦਿਨ ਦੀ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ ਹੈ ਜਦਕਿ ਸ਼ਾਕਿਆ ਨੂੰ 7 ਜੁਲਾਈ ਨੂੰ ਅਦਾਲਤ 'ਚ ਪੇਸ਼ ਕੀਤਾ ਜਾਵੇਗਾ। ਹਾਥਰਸ ਦੇ ਐੱਸਪੀ ਨਿਪੁਨ ਅਗਰਵਾਲ ਨੇ ਦੱਸਿਆ ਕਿ ਮਧੁਕਰ ਨੂੰ ਲੰਘੀ ਰਾਤ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਉਸ ਨਾਲ ਪਿੱਛੇ ਜਿਹੇ ਕੁਝ ਸਿਆਸੀ ਪਾਰਟੀਆਂ ਨੇ ਵੀ ਸੰਪਰਕ ਕੀਤਾ ਸੀ। ਅਗਰਵਾਲ ਨੇ ਕਿਹਾ ਕਿ ਮਧੁਕਰ ਆਪੂੰ ਬਣੇ ਧਰਮ ਗੁਰੂ ਸੂਰਜਪਾਲ ਉਰਫ਼ ਨਾਰਾਇਣ ਸਕਾਰ ਹਰੀ ਉਰਫ਼ ਭੋਲੇ ਬਾਬਾ ਦੇ ਸਮਾਗਮਾਂ ਲਈ ਫੰਡ ਜੁਟਾਉਣ ਦਾ ਕੰਮ ਕਰਦਾ ਸੀ ਅਤੇ ਚੰਦਾ ਇਕੱਠਾ ਕਰਦਾ ਸੀ। ਅਗਰਵਾਲ ਨੇ ਕਿਹਾ, 'ਉਸ ਦੇ ਵਿੱਤੀ ਲੈਣ-ਦੇਣ ਅਤੇ ਫੋਨ ਕਾਲਾਂ ਦੇ ਵੇਰਵਿਆਂ ਦੀ ਪੜਤਾਲ ਕੀਤੀ ਜਾ ਰਹੀ ਹੈ।' ਅੱਜ ਬਾਅਦ ਦੁਪਹਿਰ 2.15 ਵਜੇ ਮਧੁਕਰ ਨੂੰ ਪੁਲੀਸ ਵੱਲੋਂ ਭਾਰੀ ਸੁਰੱਖਿਆ ਪ੍ਰਬੰਧਾਂ ਹੇਠ ਮੈਡੀਕਲ ਜਾਂਚ ਲਈ ਹਾਥਰਸ ਦੇ ਬਾਗਲਾ ਜ਼ਿਲ੍ਹਾ ਹਸਪਤਾਲ ਲਿਆਂਦਾ ਗਿਆ। ਮਧੁਕਰ ਉਸ ਸਤਿਸੰਗ ਦਾ ਮੁੱਖ ਸੇਵਾਦਾਰ ਸੀ ਜਿੱਥੇ ਭਗਦੜ ਦੀ ਘਟਨਾ ਵਾਪਰੀ ਸੀ। ਇਸ ਘਟਨਾ ਦੇ ਸਬੰਧ ਵਿੱਚ ਹਾਥਰਸ ਥਾਣੇ 'ਚ ਦਰਜ ਐੱਫਆਈਆਰ ਵਿੱਚ ਉਹ ਇੱਕੋ-ਇੱਕ ਮੁਲਜ਼ਮ ਹੈ। ਉਨ੍ਹਾਂ ਕਿਹਾ, 'ਫੰਡ ਇਕੱਠੇ ਕਰਨ ਦੇ ਸਬੰਧ ਵਿੱਚ ਵਿਸਥਾਰਤ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਇਹ ਪਤਾ ਲਾਇਆ ਜਾ ਸਕੇ ਕਿ ਕੀ ਅਜਿਹੇ ਪ੍ਰੋਗਰਾਮਾਂ ਤੇ ਹੋਰ ਸਰੋਤਾਂ ਨੂੰ ਕਿਸੇ ਸਿਆਸੀ ਪਾਰਟੀ ਵੱਲੋਂ ਫੰਡਿੰਗ ਕੀਤੀ ਜਾ ਰਹੀ ਹੈ? ਹੁਣ ਤੱਕ ਦੀ ਜਾਂਚ 'ਚ ਅਜਿਹਾ ਪ੍ਰਤੀਤ ਹੁੰਦਾ ਹੈ ਕਿ ਕੋਈ ਸਿਆਸੀ ਪਾਰਟੀ ਆਪਣੇ ਸਿਆਸੀ ਜਾਂ ਨਿੱਜੀ ਹਿੱਤਾਂ ਲਈ ਇਨ੍ਹਾਂ ਨਾਲ ਜੁੜੀ ਹੋਈ ਹੈ।' ਦੂਜੇ ਪਾਸੇ ਲੰਘੀ ਰਾਤ ਮਧੁਕਰ ਦੇ ਵਕੀਲ ਏਪੀ ਸਿੰਘ ਨੇ ਦਾਅਵਾ ਕੀਤਾ ਸੀ ਕਿ ਉਸ ਨੇ ਦਿੱਲੀ 'ਚ ਪੁਲੀਸ ਕੋਲ ਆਤਮ ਸਮਰਪਣ ਕੀਤਾ ਹੈ, ਜਿੱਥੇ ਉਹ ਇਲਾਜ ਲਈ ਆਇਆ ਸੀ। ਉਸ ਨੇ ਕਿਹਾ, 'ਹਾਥਰਸ ਮਾਮਲੇ 'ਚ ਦਰਜ ਐੱਫਆਈਆਰ 'ਚ ਮੁੱਖ ਮੁਲਜ਼ਮ ਦੱਸੇ ਜਾ ਰਹੇ ਦੇਵਪ੍ਰਕਾਸ਼ ਮਧੁਕਰ ਨੇ ਅੱਜ ਆਤਮ ਸਮਰਪਣ ਕਰ ਦਿੱਤਾ ਹੈ। ਉਸ ਦਾ ਇੱਥੇ ਇਲਾਜ ਕੀਤਾ ਜਾ ਰਿਹਾ ਸੀ। ਇਸ ਲਈ ਪੁਲੀਸ, ਐੱਸਆਈਟੀ ਤੇ ਐੱਸਟੀਐੱਫ ਨੂੰ ਦਿੱਲੀ ਸੱਦਿਆ ਗਿਆ।' ਵਕੀਲ ਨੇ ਕਿਹਾ ਕਿ ਉਹ ਅਗਾਊਂ ਜ਼ਮਾਨਤ ਲਈ ਅਰਜ਼ੀ ਦਾਇਰ ਨਹੀਂ ਕਰਨਗੇ ਕਿਉਂਕਿ ਉਨ੍ਹਾਂ ਕੁਝ ਵੀ ਗਲਤ ਨਹੀਂ ਕੀਤਾ ਹੈ।

# ਸੀ.ਆਈ.ਏ ਸਟਾਫ਼ ਤਰਨਤਾਰਨ ਵਿਖੇ ਤਾਇਨਾਤ ਏ.ਐਸ.ਆਈ ਸੁਖਵੰਤ ਸਿੰਘ ਦਾ ਵਿਸ਼ੇਸ਼ ਸਨਮਾਨ

ਤਰਨ ਤਾਰਨ
ਰਕੇਸ਼ ਨਈਅਰ



ਪੁਲਿਸ ਜ਼ਿਲ੍ਹਾ ਤਰਨਤਾਰਨ ਦੇ ਸੀ.ਆਈ.ਏ ਸਟਾਫ ਵਿਖੇ ਤਾਇਨਾਤ ਏ.ਐਸ.ਆਈ ਸੁਖਵੰਤ ਸਿੰਘ ਨੂੰ ਪੰਜਾਬ ਪੁਲਿਸ ਵਿਭਾਗ ਵਿੱਚ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਬਦਲੇ ਜ਼ਿਲ੍ਹਾ ਪੁਲਿਸ ਮੁਖੀ ਐਸ.ਐਸ.ਪੀ ਅਸ਼ਵਨੀ ਕਪੂਰ ਵਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਹੈ।

ਇਸ ਮੌਕੇ ਗੱਲਬਾਤ ਕਰਦੇ ਹੋਏ ਐਸ.ਐਸ.ਪੀ ਅਸ਼ਵਨੀ ਕਪੂਰ ਨੇ ਕਿਹਾ ਕਿ ਪੁਲਿਸ ਮਹਿਕਮੇ ਵਿੱਚ ਚੰਗਾ ਕੰਮ ਕਰਨ ਵਾਲੇ ਹਰੇਕ ਕਰਮਚਾਰੀ ਦਾ ਸਨਮਾਨ ਅਤੇ ਤਰੱਕੀ ਹੁੰਦੀ ਹੈ। ਉਨ੍ਹਾਂ ਨੇ ਸਮੂਹ ਪੁਲਿਸ ਕਰਮਚਾਰੀਆਂ ਨੂੰ ਆਪਣਾ ਕੰਮ ਤਨਦੇਹੀ ਅਤੇ ਇਮਾਨਦਾਰੀ ਨਾਲ ਕਰਨ ਲਈ ਪ੍ਰੇਰਿਤ ਵੀ ਕੀਤਾ। ਇਸ ਮੌਕੇ ਐਸ.ਪੀ (ਡੀ)ਅਜੇਰਾਜ ਸਿੰਘ,ਮੈਡਮ ਐਸ.ਪੀ ਹੈੱਡਕੁਆਰਟਰ ਵੀ ਹਾਜ਼ਰ ਸਨ।

# ਅਦਾਕਾਰ ਮਲਕੀਤ ਰੌਣੀ ਦਾ ਬਣਿਆ ਫੇਸਬੁੱਕ 'ਤੇ ਫਰਜ਼ੀ ਅਕਾਊਂਟ, ਅਦਾਕਾਰ ਨੇ ਲੋਕਾਂ ਨੂੰ ਕੀਤਾ ਸੁਚੇਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬੀ ਫਿਲਮ ਇੰਡਸਟਰੀ ਦੇ ਨਾਮੀ ਅਦਾਕਾਰ ਮਲਕੀਤ ਸਿੰਘ ਰੌਣੀ ਦੀ ਕਿਸੇ ਸ਼ਰਾਰਤੀ ਅਨਸਰ ਵੱਲੋਂ ਫਰਜ਼ੀ ਫੇਸਬੁੱਕ ਆਈਡੀ ਬਣਾਈ ਗਈ ਹੈ। ਇਸ ਸਬੰਧੀ ਸਰਦਾਰ ਰੌਣੀ ਵਲੋਂ ਆਪਣੀ ਨਿੱਜੀ ਫੇਸਬੁੱਕ ਆਈਡੀ 'ਤੇ ਪੋਸਟ ਸ਼ੇਅਰ ਕਰਕੇ ਆਮ ਲੋਕਾਂ ਨੂੰ ਸੁਚੇਤ ਰਹਿਣ ਲਈ ਕਿਹਾ ਹੈ। ਉਨ੍ਹਾਂ ਨੇ ਆਪਣੀ ਅਪੀਲ 'ਚ ਕਿਹਾ ਹੈ ਕਿ ਇਹ ਪ੍ਰੋਫਾਈਲ ਉਨ੍ਹਾਂ ਦੀ ਨਹੀਂ ਹੈ। ਕਿਸੇ ਨੇ ਨਕਲੀ ਬਣਾਈ ਹੈ ਅਤੇ ਇਸ 'ਚ ਉਨ੍ਹਾਂ ਦਾ ਨਾਂ, ਫੋਟੋ ਅਤੇ ਹੋਰ ਜਾਣਕਾਰੀ ਦੀ ਵਰਤੋਂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਇਸ ਆਈਡੀ ਤੋਂ ਫਰੈਂਡ ਰਿਕਵੈਸਟ ਜਾਂ ਕੋਈ ਹੋਰ ਮੰਗ ਆਉਂਦੀ ਹੈ ਤਾਂ ਉਸ ਨੂੰ ਸਵੀਕਾਰ ਨਾ ਕੀਤਾ ਜਾਵੇ।ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਆਪਣੇ ਪੱਧਰ 'ਤੇ ਸਾਈਬਰ ਕ੍ਰਾਈਮ ਸੈੱਲ ਨੂੰ ਸੂਚਿਤ ਕਰ ਦਿੱਤਾ ਹੈ ਅਤੇ ਜਲਦ ਹੀ ਦੋਸ਼ੀ ਪਾਏ ਜਾਣ ਵਾਲੇ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।




# ਸਿੱਖਿਆ ਵਿਭਾਗ ਵੱਲੋਂ ਲੈਕਚਰਾਰਾਂ ਦੀਆਂ ਡਾਈਟਾਂ ਵਿੱਚ ਜਬਰੀ ਬਦਲੀਆਂ ਦਾ ਸਖ਼ਤ ਵਿਰੋਧ

ਵੈਨਕੂਵਰ
ਸਾਂਝੀ ਸੋਚ ਬਿਊਰੋ

ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਨੇ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ 6 ਜ਼ਿਲ੍ਹਾ ਸਿੱਖਿਆ ਸਿਖਲਾਈ ਸੰਸਥਾਵਾਂ ਨੂੰ ਸੈਂਟਰ ਆਫ ਐਕਸੀਲੈਂਸ ਬਣਾਉਣ ਦੇ ਚੱਕਰਾਂ ਵਿੱਚ ਲੈਕਚਰਾਰਾਂ ਦੀਆਂ ਜ਼ਬਰੀ ਕੀਤੀਆਂ ਬਦਲੀਆਂ ਬਾਰੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਨੇ ਕਿਹਾ ਕਿ ਪਹਿਲਾਂ ਤੋਂ ਹੀ ਅਧਿਆਪਕਾਂ ਦੀ ਕਮੀ ਨਾਲ ਜੂਝ ਰਹੇ ਸਕੂਲਾਂ ਵਿੱਚ ਨਵੀਂ ਭਰਤੀ ਕਰਨ ਦੀ ਥਾਂ ਅਧਿਆਪਕਾਂ ਨੂੰ ਜ਼ਿਲ੍ਹਾ ਸਿੱਖਿਆ ਸਿਖਲਾਈ ਸੰਸਥਾਵਾਂ ਵਿੱਚ ਸ਼ਿਫਟ ਕਰਨ ਨਾਲ ਸਕੂਲਾਂ ਵਿੱਚ ਸਿੱਖਿਆ ਦਾ ਪੱਧਰ ਵਿੱਚ ਹੋਰ ਨਿਘਾਰ ਆਵੇਗਾ। ਉਨ੍ਹਾਂ ਦੱਸਿਆ ਕਿ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਪਿਛਲੇ ਸਮੇਂ ਵਿੱਚ ਡਾਈਟਾਂ ਵਿੱਚ ਸਟਾਫ ਦੀ ਘਾਟ ਦਾ ਮੁੱਦਾ ਵੱਡੇ ਪੱਧਰ ਤੇ ਉਠਾਇਆ ਗਿਆ ਸੀ ਜਿਸਨੂੰ ਹੱਲ ਕਰਨ ਲਈ ਸਰਕਾਰ ਨੇ ਅਧਿਆਪਕਾਂ ਦੀ ਇਧਰੋਂ ਉਧਰੋਂ ਸ਼ਿਫਟਿੰਗ ਕਰਕੇ ਡੰਗ ਟਪਾਊ ਨੀਤੀ ਅਪਣਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਅਸਲੀਅਤ ਇਹ ਹੈ ਕਿ ਸਰਕਾਰੀ ਸਕੂਲਾਂ ਵਿੱਚ ਪਹਿਲਾਂ ਹੀ ਅਧਿਆਪਕਾਂ ਦੀ ਘਾਟ ਹੈ ਅਤੇ ਹੁਣ ਇੰਨ੍ਹਾਂ ਸਕੂਲਾਂ ਵਿੱਚੋਂ ਅਧਿਆਪਕਾਂ ਨੂੰ ਬਦਲ ਕੇ ਡਾਈਟਾਂ ਵਿੱਚ ਭੇਜਿਆ ਜਾ ਰਿਹਾ ਹੈ ਅਤੇ ਸਕੂਲੀ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਅੱਖੋਂ ਪਰੋਖੇ ਕਰਕੇ ਹੋਰ ਪਿਛਾੜਿਆ ਜਾ ਰਿਹਾ ਹੈ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਰਾਜੀਵ ਬਰਨਾਲਾ, ਗੁਰਪਿਆਰ ਕੋਟਲੀ, ਜਸਵਿੰਦਰ ਔਜਲਾ, ਜਗਪਾਲ ਬੰਗੀ, ਬੇਅੰਤ ਫੂਲੇਵਾਲਾ, ਹਰਜਿੰਦਰ ਸਿੰਘ ਵਡਾਲਾ ਬਾਂਗਰ, ਦਲਜੀਤ ਸਫੀਪੁਰ, ਕੁਲਵਿੰਦਰ ਜੋਸ਼ਨ, ਪਵਨ ਕੁਮਾਰ ਮੁਕਤਸਰ, ਮਹਿੰਦਰ ਕੌੜਿਆਂਵਾਲੀ, ਤੇਜਿੰਦਰ ਸਿੰਘ, ਰੁਪਿੰਦਰ ਗਿੱਲ ਅਤੇ ਸੁਖਦੇਵ ਡਾਨਸੀਵਾਲ ਨੇ ਪ੍ਰਸ਼ਨ ਉਠਾਇਆ ਕਿ ਜਿੰਨ੍ਹਾਂ ਸਕੂਲਾਂ ਵਿੱਚੋਂ ਇੰਨ੍ਹਾਂ ਲੈਕਚਰਾਰਾਂ ਨੂੰ ਬਦਲਿਆ ਗਿਆ ਹੈ, ਉਨ੍ਹਾਂ ਸਕੂਲਾਂ ਵਿੱਚ ਇਸ ਵਿਸ਼ੇ ਦਾ ਇੱਕੋ ਇੱਕ ਲੈਕਚਰਾਰ ਬਦਲ ਜਾਣ ਤੋਂ ਬਾਅਦ ਇੰਨ੍ਹਾਂ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਇੰਨ੍ਹਾਂ ਦਾ ਵਿਸ਼ਾ ਕੌਣ ਪੜ੍ਹਾਏਗਾ? ਜੇ ਉਹ ਵਿਸ਼ਾ ਕਿਸੇ ਹੋਰ ਅਧਿਆਪਕ ਨੂੰ ਦਿੱਤਾ ਵੀ ਜਾਂਦਾ ਹੈ ਤਾਂ ਕੀ ਉਹ ਅਧਿਆਪਕ ਵਿਸ਼ੇ ਨਾਲ ਅਤੇ ਵਿਦਿਆਰਥੀਆਂ ਨਾਲ ਨਿਆਂ ਕਰ ਸਕੇਗਾ? ਇਹਨਾਂ ਜ਼ਬਰੀ ਬਦਲੀਆਂ ਮੌਕੇ ਅਪਾਹਜ ਅਧਿਆਪਕਾਂ ਦੀਆਂ ਦਿੱਕਤਾਂ ਤੱਕ ਨੂੰ ਧਿਆਨ ਵਿੱਚ ਨਹੀਂ ਰੱਖਿਆ ਗਿਆ ਅਤੇ ਨਾ ਹੀ ਇੱਕ ਸਾਲ ਦੌਰਾਨ ਸੇਵਾ ਮੁਕਤ ਅਧਿਆਪਕਾਂ ਨੂੰ ਆਪਣੇ ਸਟੇਸ਼ਨ ਤੋਂ ਬਦਲਣ ਤੋਂ ਗੁਰੇਜ਼ ਕੀਤਾ ਗਿਆ ਹੈ। ਆਗੂਆਂ ਨੇ ਮੰਗ ਕੀਤੀ ਕਿ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇਣ ਲਈ ਇਹ ਬਦਲੀਆਂ ਤੁਰੰਤ ਰੱਦ ਕੀਤੀਆਂ ਜਾਣ ਅਤੇ ਪੰਜਾਬ ਭਰ ਦੇ ਸਕੂਲਾਂ ਅਤੇ ਜ਼ਿਲ੍ਹਾ ਸਿੱਖਿਆ ਸਿਖਲਾਈ ਸੰਸਥਾਵਾਂ ਵਿੱਚ ਵਿੱਚ ਵੱਡੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਤੁਰੰਤ ਭਰਿਆ ਜਾਵੇ।

# ਮੋਦੀ ਸਰਕਾਰ ਵੱਲੋਂ ਪਾਸ ਕੀਤੇ ਨਵੇਂ ਕਾਨੂੰਨ ਦੀਆਂ ਧਾਰਾਵਾਂ ਸੰਘਰਸ਼ਸ਼ੀਲ ਜਥੇਬੰਦੀਆਂ ਲਈ ਵੱਡੀ ਚੁਣੌਤੀ: ਨਰਾਇਣ ਦੱਤ

ਬਰਨਾਲਾ
ਸਾਂਝੀ ਸੋਚ ਬਿਊਰੋ

ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕੌਮ ਅਤੇ ਟਰਾਂਸਕੋ ਸ਼ਹਿਰੀ ਅਤੇ ਦਿਹਾਤੀ ਮੰਡਲ ਬਰਨਾਲਾ ਦੀ ਵਿਸ਼ਾਲ ਇਕੱਤਰਤਾ ਪੈਨਸ਼ਨਰਜ਼ ਦਫ਼ਤਰ ਧਨੌਲਾ ਰੋਡ ਬਰਨਾਲਾ ਵਿਖੇ ਜੱਗਾ ਸਿੰਘ ਧਨੌਲਾ ਦੀ ਪ੍ਰਧਾਨਗੀ ਹੇਠ ਹੋਈ। ਇਸ ਸਮੇਂ ਸੰਬੋਧਨ ਕਰਦਿਆਂ ਬੁਲਾਰੇ ਆਗੂਆਂ ਗੁਰਚਰਨ ਸਿੰਘ,ਹਰਨੇਕ ਸਿੰਘ ਸੰਘੇੜਾ, ਮੇਲਾ ਸਿੰਘ ਕੱਟੂ, ਨਰਾਇਣ ਦੱਤ, ਗੌਰੀ ਸ਼ੰਕਰ, ਜੋਗਿੰਦਰ ਪਾਲ, ਅਬਜਿੰਦਰ ਸਿੰਘ ਆਦਿ ਆਗੂਆਂ ਨੇ ਭਾਵੇਂ 18ਵੀ ਲੋਕ ਸਭਾ ਦਾ ਚੋਣਾਂ ਦਾ ਅਮਲ ਪੂਰਾ ਹੋਣ ਉਪਰੰਤ ਨਵੀਂ ਕੇਂਦਰੀ ਸਰਕਾਰ ਬਣ ਚੁੱਕੀ ਹੈ, ਪਰ ਕੇਂਦਰ ਅਤੇ ਪੰਜਾਬ ਸਰਕਾਰ ਦੀ ਨੀਤੀ ਕਾਰਪੋਰੇਟ ਘਰਾਣਿਆਂ ਪੱਖੀ ਅਤੇ ਲੋਕ-ਮੁਲਾਜਮ ਵਿਰੋਧੀ ਹੀ ਰਹੇਗੀ।

ਮਿਹਨਤਕਸ਼ ਲੋਕਾਈ ਨੂੰ ਆਪਣੇ ਬੁਨਿਆਦੀ ਮਸਲਿਆਂ ਨੂੰ ਹੱਲ ਕਰਵਾਉਣ ਲਈ ਸੰਘਰਸ਼ ਤੇ ਟੇਕ ਰੱਖਣ ਦੀ ਲੋੜ ਹੈ। ਆਗੂਆਂ ਨੇ ਪੰਜਾਬ ਸਰਕਾਰ ਅਤੇ ਪਾਵਰਕੌਮ ਮੈਨੇਜ਼ਮੈਂਟ ਵੱਲੋਂ ਪੈਨਸ਼ਨਰਜ਼ ਦੀਆਂ ਮੰਗਾਂ ਜਿਵੇਂ ਕਿ ਛੇਵੇਂ ਤੇ ਕਮਿਸ਼ਨ ਦੀ ਰਿਪੋਰਟ ਅਨੁਸਾਰ ਸਾਢੇ ਪੰਜ ਸਾਲ ਦੇ ਏਰੀਅਲ, ਲੀਵ ਇਨ ਕੈਸ਼ ਦਾ ਬਕਾਇਆ ਨਾ ਦੇਣ, ਮਿਤੀ 1-1-16 ਤੋਂ ਪਹਿਲਾਂ ਰਿਟਾਇਰ ਹੋਏ ਕਾਮਿਆਂ ਨੂੰ 2.59 ਦੇ ਗੁਣਾਂਕ ਨਾਲ ਪੈਨਸ਼ਨ ਲਾਗੂ ਨਾ ਕਰਨ,ਮਹਿੰਗਾਈ ਭੱਤੇ ਵਿੱਚ ਕੇਂਦਰ ਦੀ ਤਰਜ਼ ਤੇ 3 ਕਿਸ਼ਤਾਂ ਅਤੇ ਉਨ੍ਹਾਂ ਦਾ ਬਕਾਇਆ ਨਾ ਦੇ ਕੇ, ਕੈਸ਼ਲੈਸ ਮੈਡੀਕਲ ਸਕੀਮ ਲਾਗੂ ਨਾ ਕਰਨ, ਕਮਿਊਟ ਕਟੌਤੀ ਖ਼ਿਲਾਫ਼ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਕੀਤੇ ਫੈਸਲੇ ਅਨੁਸਾਰ ਦਸ ਸਾਲ ਬਾਅਦ 18% ਵਿਆਜ਼ ਸਮੇਤ ਕੀਤੀ ਜਾ ਰਹੀ ਹਰ ਪੈਨਸ਼ਨਰਜ਼ ਦੀ ਕਟੌਤੀ ਬੰਦ ਕਰਨ, ਠੇਕੇਦਾਰੀ ਸਿਸਟਮ ਖ਼ਿਲਾਫ਼ ਸੰਘਰਸ਼ ਸਮੇਂ ਕੀਤੀ ਵਿਕਟੇਮਾਈਜੇਸ਼ਨਾਂ ਦੂਰ ਨਾ ਕਰਨ ਦੀ ਪੰਜਾਬ ਸਰਕਾਰ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਸੰਘਰਸ਼ ਨੂੰ ਤੇਜ਼ ਕਰਨ ਅਤੇ ਸੂਬਾ ਕਮੇਟੀ ਵੱਲੋਂ ਦਿੱਤੇ ਸੰਘਰਸ਼ ਸੱਦਿਆ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਦੀ ਅਪੀਲ ਕੀਤੀ।


ਆਗੂਆਂ ਕਿਹਾ ਕਿ ਭਾਵੇਂ ਪੰਜਾਬ ਦੇ ਮੁੱਖ ਮੰਤਰੀ ਨਾਲ 1 ਜੁਲਾਈ ਨੂੰ ਹੋਈ ਮੀਟਿੰਗ ਵਿੱਚ ਇੱਕ ਵਾਰ ਮੰਗਾਂ ਮੰਨਣ ਦਾ ਵਾਅਦਾ ਕੀਤਾ ਹੈ, ਜਿਸ ਕਾਰਨ ਜਲੰਧਰ ਹਲਕੇ ਵਿੱਚ ਕੀਤਾ ਜਾਣ ਵਾਲਾ ਮਾਰਚ ਹਾਲ ਦੀ ਘੜੀ ਮੁਲਤਵੀ ਕੀਤਾ ਗਿਆ ਹੈ।

ਇਸ ਸਮੇਂ ਸੰਸਾਰ ਪ੍ਰਸਿੱਧ ਲੇਖਿਕਾ ਅਤੇ ਚਿੰਤਕ ਅਰੁੰਧਤੀ ਰਾਏ ਅਤੇ ਪ੍ਰੋ: ਸ਼ੇਖ ਸ਼ੌਕਤ ਹੁਸੈਨ ਖ਼ਿਲਾਫ਼ 14 ਸਾਲ ਪੁਰਾਣੇ ਪੁਰਾਣੇ ਕਸ਼ਮੀਰੀ ਲੋਕਾਂ ਦੇ ਹੱਕ ਵਿੱਚ ਦਿੱਤੇ ਇੱਕ ਭਾਸ਼ਣ ਦੇਣ ਦੇ ਕੇਸ ਨੂੰ ਦਿੱਲੀ ਦੇ ਲੈਫਟੀਨੈਂਟ ਗਵਰਨਰ ਵੱਲੋਂ ਯੂਏਪੀਏ ਤਹਿਤ ਕੇਸ ਚਲਾਉਣ ਦੀ ਦਿੱਤੀ ਮਨਜ਼ੂਰੀ ਦੀ ਸਖ਼ਤ ਨਿਖੇਧੀ ਕੀਤੀ ਗਈ। ਆਗੂਆਂ ਕਿਹਾ ਕਿ ਯੂਏਪੀਏ ਤਹਿਤ ਕੇਸ ਚਲਾਉਣ ਦੀ ਮਨਜ਼ੂਰੀ ਦੋ ਵਿਅਕਤੀਆਂ ਖਿਲਾਫ ਨਹੀਂ, ਸਗੋਂ ਸਥਾਪਤੀ ਵਿਰੁੱਧ ਲੋਕਾਈ ਦੇ ਹੱਕ ਵਿੱਚ ਆਵਾਜ਼ ਉਠਾਉਣ ਵਾਲੀ ਹਰ ਕਲਮ ਹਰ ਆਵਾਜ਼ ਲਈ ਵਡੇਰੀ ਚੁਣੌਤੀ ਹੈ।

ਕੇਂਦਰ ਦੀ ਹਕੂਮਤ ਵੱਲੋਂ ਲਾਗੂ ਕੀਤੇ 3 ਕਾਲੇ ਕਾਨੂੰਨਾਂ ਖਿਲਾਫ਼ 21 ਜੁਲਾਈ ਨੂੰ ਪੰਜਾਬ ਦੀਆਂ ਸਮੁੱਚੀਆਂ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾਣ ਵਾਲੀ ਕਨਵੈਨਸ਼ਨ ਅਤੇ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਸਟੇਜ ਸਕੱਤਰ ਦੇ ਫਰਜ਼ ਮੋਹਣ ਸਿੰਘ ਛੰਨਾਂ ਨੇ ਨਿਭਾਏ।

ਇਸ ਸਮੇਂ ਬਹਾਦਰ ਸਿੰਘ, ਜਗਦੀਸ਼ ਸਿੰਘ, ਰਾਮ ਸਿੰਘ, ਰਾਮਪਾਲ ਸਿੰਘ, ਪਿਆਰਾ ਸਿੰਘ, ਗੁਰਲਾਲ ਸਿੰਘ, ਜਗਰਾਜ ਸਿੰਘ, ਜੀਤ ਸਿੰਘ, ਗੁਰਚਰਨ ਸਿੰਘ, ਭਾਗ ਸਿੰਘ, ਗੁਰਜੰਟ ਸਿੰਘ ਮਾਨ ਆਦਿ ਆਗੂਆਂ ਨੇ ਕੇਂਦਰ ਅਤੇ ਸੂਬਾਈ ਸਰਕਾਰਾਂ ਦੀਆਂ ਜਨ ਵਿਰੋਧੀ ਨੀਤੀਆਂ ਖ਼ਿਲਾਫ਼ ਸੰਘਰਸ਼ ਤੇਜ਼ ਕਰਨ ਦਾ ਸੱਦਾ ਦਿੱਤਾ।

**Space available for Ad**
Contact # +1 (209) 303-1260


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
DOT DRUG TEST EVERYTHING YOU NEED TO KNOW
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# ਬੂਟਾ ਸਿੰਘ ਬਾਸੀ ਵੱਲੋਂ ਪਰਮਜੀਤ ਸਿੰਘ ਸੇਖੋਂ (ਦਾਖਾ) ਦੇ ਮਾਤਾ ਜੀ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

ਕੈਲੀਫੋਰਨੀਆ
ਸਾਂਝੀ ਸੋਚ ਬਿਊਰੋ



ਦਲ ਖਾਲਸਾ ਅਲਾਇੰਸ ਸੰਸਥਾ ਦੇ ਪ੍ਰਧਾਨ ਪਰਮਜੀਤ ਸਿੰਘ ਸੇਖੋਂ ਦਾਖਾ ਦੇ ਮਾਤਾ ਰੁਪਿੰਦਰ ਕੌਰ ਸੇਖੋਂ ਜੀ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ 90 ਸਾਲ ਦੀ ਉਮਰ ਵਿਚ ਪਰਲੋਕ ਗਮਨ ਕਰ ਗਏ ਹਨ। ਉਹਨਾਂ ਦਾ ਅੰਤਿਮ ਸੰਸਕਾਰ ਅਤੇ ਸਹਿਜ ਪਾਠ ਦਾ ਭੋਗ 11 ਜੁਲਾਈ ਨੂੰ ਪਵੇਗਾ। ਮਾਤਾ ਜੀ ਦੀ ਹੋਈ ਇਸ ਬੇਵਕਤੀ ਮੌਤ ਤੇ ਸਾਂਝੀ ਸੋਚ ਅਖ਼ਬਾਰ ਅਤੇ ਟੀਵੀ ਚੈਨਲ ਦੇ ਸੀਈਓ ਸ. ਬੂਟਾ ਸਿੰਘ ਬਾਸੀ ਅਤੇ ਉਹਨਾਂ ਦੀ ਪੂਰੀ ਟੀਮ ਨੇ ਪਰਮਜੀਤ ਸਿੰਘ ਦਾਖਾ, ਇੰਦਰਜੀਤ ਸਿੰਘ ਦਾਖਾ, ਗੁਰਮਿੰਦਰ ਸਿੰਘ ਘੁੰਮਣ ਅਤੇ ਪੂਰੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਉਸ ਪਰਮ ਪਿਤਾ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਮਾਤਾ ਜੀ ਦੀ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖ਼ਸ਼ਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਬੂਟਾ ਸਿੰਘ ਬਾਸੀ ਨੇ ਕਿਹਾ ਕਿ ਮਾਤਾ ਜੀ ਬਹੁਤ ਹੀ ਨਿੱਘੇ ਸੁਭਾਅ ਦੇ ਮਾਲਕ ਸਨ ਅਤੇ ਉਹਨਾਂ ਦੇ ਅਸ਼ੀਰਵਾਦ ਨਾਲ ਹੀ ਅੱਜ ਸੇਖੋਂ ਪਰਿਵਾਰ ਅਮਰੀਕਾ ਵਿਚ ਚੰਗਾ ਨਾਮਣਾ ਖੱਟ ਰਿਹਾ ਹੈ।

# ਬਾਗੀ ਧੜੇ ਦਾ ਦੋਸ਼...ਸੁਖਬੀਰ ਬਾਦਲ ਨੇ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਮੁਆਫ਼ੀ ਦਿਵਾਉਣ ਵਿਚ ਅਹਿਮ ਭੂਮਿਕਾ ਨਿਭਾਈ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਸ਼੍ਰੋਮਣੀ ਅਕਾਲੀ ਦਲ ਦੇ ਅੰਦਰਲਾ ਹੰਗਾਮਾ ਖਤਮ ਨਹੀਂ ਹੋ ਰਿਹਾ। ਹੁਣ ਪਾਰਟੀ ਦੇ ਬਾਗੀ ਧੜੇ ਨੇ ਦੋਸ਼ ਲਾਇਆ ਹੈ ਕਿ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਮੁਆਫ਼ੀ ਦਿਵਾਉਣ ਵਿੱਚ ਅਕਾਲੀ ਦਲ ਦੇ ਮੁਖੀ ਸੁਖਬੀਰ ਸਿੰਘ ਬਾਦਲ ਅਤੇ ਡਾਕਟਰ ਦਲਜੀਤ ਸਿੰਘ ਚੀਮਾ ਨੇ ਅਹਿਮ ਭੂਮਿਕਾ ਨਿਭਾਈ ਹੈ।

ਬੀਬੀ ਜਗੀਰ ਕੌਰ ਨੇ ਕਿਹਾ ਕਿ ਬਾਦਲ ਨੇ ਡੇਰਾ ਮੁਖੀ ਨੂੰ ਮੁਆਫ਼ੀ ਦੇ ਦਿੱਤੀ ਹੈ। ਜਸਟਿਸ ਰਣਜੀਤ ਸਿੰਘ ਦੀ ਕਿਤਾਬ ਵਿੱਚ ਇਹ ਦਾਅਵਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਥੇਦਾਰਾਂ ਨੂੰ ਚੰਡੀਗੜ੍ਹ ਬੁਲਾ ਕੇ ਉਨ੍ਹਾਂ 'ਤੇ ਦਬਾਅ ਪਾਇਆ ਗਿਆ, ਜਿਸ ਤੋਂ ਬਾਅਦ ਹੀ ਡੇਰਾ ਮੁਖੀ ਨੂੰ ਮੁਆਫ਼ੀ ਦਿੱਤੀ ਗਈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਇਸ ਕਾਰਨ ਅਕਾਲੀ ਦਲ ਨੂੰ ਬਹੁਤ ਨੁਕਸਾਨ ਹੋਇਆ ਹੈ। ਇਹੀ ਕਾਰਨ ਹੈ ਕਿ ਪਾਰਟੀ ਲੋਕਾਂ ਦਾ ਭਰੋਸਾ ਗੁਆ ਚੁੱਕੀ ਹੈ ਅਤੇ ਇਸੇ ਦਾ ਉਹ ਵਿਰੋਧ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਮੁਖੀ ਨੇ ਸਿੱਖ ਰਵਾਇਤਾਂ ਨੂੰ ਧਿਆਨ ਵਿੱਚ ਨਹੀਂ ਰੱਖਿਆ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਅਰਸ਼ਦੀਪ ਸਿੰਘ ਕਲੇਰ ਨੇ ਵੀ ਬਾਗੀ ਧੜੇ 'ਤੇ ਪਲਟਵਾਰ ਕੀਤਾ ਹੈ। ਕਲੇਰ ਨੇ ਕਿਹਾ ਕਿ ਬਾਗੀ ਆਗੂ ਬਾਦਲ 'ਤੇ ਸਵਾਲ ਚੁੱਕ ਰਹੇ ਹਨ ਪਰ ਦੂਜੇ ਪਾਸੇ ਡੇਰਾ ਮੁਖੀ ਦੀ ਪੈਰੋਲ 'ਤੇ ਕੁਝ ਨਹੀਂ ਕਹਿ ਰਹੇ। ਇਨ੍ਹਾਂ ਵਿੱਚੋਂ ਕਈ ਆਗੂ ਵੋਟਾਂ ਮੰਗਣ ਲਈ ਡੇਰੇ ਵਿੱਚ ਵੀ ਗਏ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਮੁਆਫ਼ੀ ਵੀ ਮੰਗਣੀ ਪਈ। ਉਨ੍ਹਾਂ ਕਿਹਾ ਕਿ ਜਸਟਿਸ ਰਣਜੀਤ ਸਿੰਘ ਦੀ ਰਿਪੋਰਟ ਅੱਜ ਜਾਰੀ ਕਰ ਦਿੱਤੀ ਗਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਜਥੇਦਾਰ ਬਾਦਲ ਦੇ ਘਰ ਗਏ ਸਨ। ਰਿਪੋਰਟ ਵਿੱਚ ਇਸ ਗੱਲ ਦਾ ਕੋਈ ਜ਼ਿਕਰ ਨਹੀਂ ਹੈ ਕਿ ਜਥੇਦਾਰ ਸਾਹਿਬ ਨੂੰ ਸਾਬਕਾ ਮੁੱਖ ਮੰਤਰੀ ਅਤੇ ਬਾਦਲ ਸਾਹਿਬ ਦੇ ਘਰ ਬੁਲਾਇਆ ਗਿਆ ਸੀ। ਉੱਥੇ ਸੁਰੱਖਿਆ ਲਈ ਕੇਂਦਰੀ ਏਜੰਸੀਆਂ ਦੇ ਕਰਮਚਾਰੀ ਵੀ ਮੌਜੂਦ ਹਨ। ਉੱਥੇ ਆਉਣ-ਜਾਣ ਵਾਲੇ ਹਰ ਵਿਅਕਤੀ ਦਾ ਰਿਕਾਰਡ ਮੌਜੂਦ ਹੈ, ਜਿਸ ਕਾਰਨ ਬਾਗੀ ਆਗੂਆਂ ਦੇ ਗਲਤ ਬਿਆਨਬਾਜ਼ੀ ਕਾਰਨ ਉਨ੍ਹਾਂ ਦੀ ਨਿਰਾਸ਼ਾ ਹੁਣ ਸਾਹਮਣੇ ਆ ਗਈ ਹੈ। ਕਲੇਰ ਨੇ ਕਿਹਾ ਕਿ ਜੇਕਰ ਬਾਗੀ ਧੜਾ ਪਾਰਟੀ ਤੋਂ ਸੱਚਮੁੱਚ ਨਾਖੁਸ਼ ਸੀ ਤਾਂ ਉਨ੍ਹਾਂ ਪਿਛਲੀਆਂ ਤਿੰਨ ਚੋਣਾਂ ਕਿਉਂ ਲੜੀਆਂ। ਦੋਸ਼ ਲਗਾਇਆ ਕਿ ਬਾਗੀ ਧੜੇ ਦੇ ਕਈ ਨੇਤਾਵਾਂ ਨੇ ਸਾਲ 2017, 2019 ਅਤੇ 2022 'ਚ ਚੋਣਾਂ ਲੜੀਆਂ ਸਨ ਪਰ ਹੁਣ ਉਹ ਪਾਰਟੀ ਪ੍ਰਤੀ ਆਪਣੀ ਨਾਰਾਜ਼ਗੀ ਜ਼ਾਹਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਬਾਗੀ ਆਗੂਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਜਾ ਕੇ ਅਕਾਲੀ ਸਰਕਾਰ 'ਤੇ ਵੱਡੀਆਂ ਗ਼ਲਤੀਆਂ ਦਾ ਦੋਸ਼ ਲਾਉਂਦਿਆਂ ਮੁਆਫ਼ੀ ਮੰਗੀ ਸੀ ਪਰ ਹੁਣ ਉਹ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੀ ਸਵਾਲ ਉਠਾ ਰਹੇ ਹਨ ਛ ਇਸ ਕਾਰਨ ਉਸ ਦਾ ਦੋਗਲਾ ਕਿਰਦਾਰ ਲੋਕਾਂ ਦੇ ਸਾਹਮਣੇ ਆ ਗਿਆ ਹੈ। ਉਸ ਨੇ ਪਹਿਲਾਂ ਭਾਜਪਾ ਅਤੇ ਕੇਂਦਰੀ ਏਜੰਸੀਆਂ ਨਾਲ ਮਿਲੀਭੁਗਤ ਕਰਕੇ ਪਾਰਟੀ ਨੂੰ ਤੋੜਨ ਦੀ ਕੋਸ਼ਿਸ਼ ਕੀਤੀ, ਪਰ ਉਹ ਆਪਣੇ ਮਕਸਦ ਵਿੱਚ ਕਾਮਯਾਬ ਨਹੀਂ ਹੋ ਸਕੇ।

# ਕੈਨਟਕੀ ਵਿੱਚ ਗੋਲੀਬਾਰੀ ਨਾਲ ਚਾਰ ਮੌਤਾਂ

ਕੈਨਟਕੀ
ਸਾਂਝੀ ਸੋਚ ਬਿਊਰੋ



ਕੈਨਟਕੀ ਸੂਬੇ ਦੀ ਇਕ ਘਰ ਵਿਚ ਜਨਮ ਦਿਨ ਦੇ ਜਸ਼ਨਾਂ ਦੌਰਾਨ ਗੋਲੀਬਾਰੀ ਹੋਣ ਦੀ ਖਬਰ ਹੈ। ਪੁਲੀਸ ਘਟਨਾ ਸਥਾਨ 'ਤੇ ਪੁੱਜੀ ਤਾਂ ਉਥੇ ਚਾਰ ਜਣੇ ਮ੍ਰਿਤਕ ਪਾਏ ਗਏ। ਪੁਲੀਸ ਨੇ ਤਿੰਨ ਜ਼ਖਮੀਆਂ ਨੂੰ ਨੇੜਲੇ ਹਸਪਤਾਲ ਦਾਖਲ ਕਰਵਾਇਆ। ਮੌਤਾਂ ਹੋਣ ਦੇ ਹਾਲੇ ਕਾਰਨ ਸਪਸ਼ਟ ਨਹੀਂ ਹੋਏ। ਇਸ ਦੌਰਾਨ ਇਕ ਵਿਅਕਤੀ ਵਲੋਂ ਖੁਦਕੁਸ਼ੀ ਕੀਤੀ ਗਈ ਤੇ ਸ਼ੱਕ ਕੀਤਾ ਜਾ ਰਿਹਾ ਹੈ ਕਿ ਇਸ ਵਿਅਕਤੀ ਨੇ ਹੀ ਗੋਲੀਆਂ ਚਲਾਈਆਂ ਹਨ।

# ਭਾਰਤੀ ਹਵਾਈ ਸੈਨਾ 'ਚ ਅਗਨਵੀਰ ਵਾਯੂ ਦੀ ਭਰਤੀ ਲਈ 08 ਤੋਂ 28 ਜੁਲਾਈ ਤੱਕ ਕੀਤਾ ਜਾ ਸਕਦੈ ਆਨਲਾਈਨ ਅਪਲਾਈ

ਮਾਨਸਾ
ਸਾਂਝੀ ਸੋਚ ਬਿਊਰੋ

ਭਾਰਤੀ ਹਵਾਈ ਸੈਨਾ ਵੱਲੋਂ ਅਗਨੀਪਥ ਸਕੀਮ ਤਹਿਤ ਅਗਨੀਵੀਰ (ਵਾਯੂ) ਦੀ ਚਾਰ ਸਾਲਾਂ ਲਈ ਭਰਤੀ ਕੀਤੀ ਜਾ ਰਹੀ ਹੈ। ਅਗਨੀਵੀਰ ਵਾਯੂ 'ਚ ਭਰਤੀ ਹੋਣ ਦੇ ਚਾਹਵਾਨ ਉਮੀਦਵਾਰ 08 ਜੁਲਾਈ ਤੋਂ 28 ਜੁਲਾਈ 2024 ਤੱਕ ਆਨਲਾਈਨ ਮਾਧਿਅਮ ਰਾਹੀਂ ਅਪਲਾਈ ਕਰ ਸਕਦੇ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਅਗਨੀਪਥ ਸਕੀਮ ਦੇ ਤਹਿਤ ਅਗਨੀਵੀਰ ਵਾਯੂ ਦੀ ਚਾਰ ਸਾਲਾਂ ਦੀ ਭਰਤੀ ਲਈ ਰਜਿਸਟ੍ਰੇਸ਼ਨ ਕਰਵਾਉਣ ਲਈ ਬਿਨੈਕਾਰ http://agnipathvayu.cdac.in ਵੈੱਬਸਾਈਟ 'ਤੇ ਲਾਗ ਇੰਨ ਕਰ ਸਕਦੇ ਹਨ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਰਵਿੰਦਰ ਸਿੰਘ ਨੇ ਦੱਸਿਆ ਕਿ ਬਿਨੈਕਾਰ ਅਗਨਵੀਰ ਵਾਯੂ ਦੀ ਭਰਤੀ ਲਈ ਅਰਜ਼ੀ ਸਿਰਫ ਆਨਲਾਈਨ ਮਾਧਿਅਮ ਰਾਹੀਂ ਹੀ ਭੇਜਣ। ਉਨ੍ਹਾਂ ਕਿਹਾ ਕਿ ਹਦਾਇਤਾਂ ਅਨੁਸਾਰ ਰਜਿਟ੍ਰੇਸ਼ਨ ਦੀ ਮਿਤੀ 'ਚ ਵਾਧਾ ਨਹੀਂ ਕੀਤਾ ਜਾਵੇਗਾ, ਜਿੰਨ੍ਹਾਂ ਉਮੀਦਵਾਰਾਂ ਦੀ ਜਨਮ ਮਿਤੀ 03 ਜੁਲਾਈ, 2004 ਅਤੇ 03 ਜਨਵਰੀ 2008 ਵਿਚਕਾਰ (ਦੋਨੋਂ ਤਰੀਕਾਂ ਮਿਲਾ ਕੇ) ਹੋਵੇ, ਅਪਲਾਈ ਕਰ ਸਕਦੇ ਹਨ। ਇਸ ਭਰਤੀ ਲਈ ਪ੍ਰਾਰਥੀ ਦਾ ਬਾਰ੍ਹਵੀਂ ਕਲਾਸ ਵਿਚ ਮੈਥੇਮੈਟਿਕਸ, ਫਿਜ਼ੀਕਸ ਅਤੇ ਅੰਗਰੇਜੀ ਵਿਚੋਂ 50 ਫ਼ੀਸਦੀ ਅੰਕਾਂ ਨਾਲ ਪਾਸ ਹੋਣਾ ਜ਼ਰੂਰੀ ਹੈ ਜਾਂ 03 ਸਾਲ ਦਾ ਡਿਪਲੋਮਾ ਕੋਰਸ ਇੰਜੀਨੀਅਰਿੰਗ ਵਿਚ ਹੋਣਾ ਲਾਜ਼ਮੀ ਹੈ।

ਉਨ੍ਹਾਂ ਕਿਹਾ ਕਿ ਇਸ ਭਰਤੀ ਲਈ ਕੇਵਲ ਅਣਵਿਆਹੇ ਲੜਕੇ ਜਾਂ ਲੜਕੀਆਂ ਹੀ ਅਪਲਾਈ ਕਰ ਸਕਦੇ ਹਨ। ਬਿਨੈਕਾਰ ਨੂੰ ਭਰਤੀ ਸਮੇਂ ਅਣਵਿਆਹੇ ਦਾ ਸਰਟੀਫਿਕੇਟ ਵੀ ਦੇਣਾ ਹੋਵੇਗਾ। ਬਿਨੈਕਾਰ ਵਧੇਰੇ ਜਾਣਕਾਰੀ ਭਾਰਤੀ ਵਾਯੂ ਸੈਨਾ ਦੀ ਵੈੱਬਸਾਈਟ http://agnipathvayu.cdac.in 'ਤੇ ਹਾਸਲ ਕਰ ਸਕਦੇ ਹਨ।

**Matrimonial**

Looking for a bride for American Citizen Ramagarhia Sikh Boy divorced from short marriage, No Kids. Born in 1984, height 5'10". Looking for American citizen or Green Card Holder girl.
Contact- +1(510) 200-1772

ਕੰਨਿਆ ਦੀ ਲੋੜ
ਅਮਰੀਕਨ ਨਾਗਰਿਕ ਰਾਮਗੜ੍ਹੀਆ ਸਿੱਖ ਮੁੰਡਾ ਜਨਮ 1984, 5'10" ਤਲਾਕਸ਼ੁਦਾ ਕੋਈ ਬੱਚਾ ਨਹੀਂ, ਲਈ ਅਮਰੀਕਾ ਵਿੱਚ ਪੱਕੀ ਜਾਂ ਗਰੀਨ ਕਾਰਡ ਹੋਲਡਰ ਲੜਕੀ ਦੀ ਜ਼ਰੂਰਤ ਹੈ।
ਸੰਪਰਕ- +1(510) 200-1772




Punjabi Cultural Society Of
Tracy Presents
ਤੀਆਂ ਦਾ ਮੇਲਾ
KULWINDER BILLA
LADIES ONLY
4 ਅਗਸਤ, 2024, ਦਿਨ ਐਤਵਾਰ
I P F E S
PORTUGUESE HALL
400 W 9th St, Tracy, CA 95376
11:00AM - 7:00PM
Hosted By : ASHA SHARMA
ਇਲਾਕੇ ਦੀਆਂ ਸਮੂਹ ਪੰਜਾਬੀ ਮੁਟਿਆਰਾਂ ਵੱਲੋਂ
ਗਿੱਧਾ, ਭੰਗੜਾ, ਬੋਲੀਆਂ ਪਾ ਪੇਸ਼ ਕੀਤੀਆਂ ਜਾਣਗੀਆਂ
ਵੱਖ-ਵੱਖ ਸੱਭਿਆਚਾਰਕ ਵੰਨਗੀਆ ਤੇ ਦਿਲ ਖਿੱਚਵੇਂ ਰੰਗਾਂ -ਰੰਗ ਪ੍ਰੋਗਰਾਮ ।
ਲੱਗਣਗੇ ਹਾਰ- ਸ਼ਿੰਗਾਰ ਤੇ ਵੱਖੋ -ਵੱਖਰੇ ਖਾਣ ਪੀਣ ਦੇ ਸਟਾਲ, ਬੱਚਿਆਂ ਲਈ ਖੇਡਾਂ ਦਾ ਖ਼ਾਸ ਪ੍ਰਬੰਧ !
OUR PROUD SPONSORS
TRACY LIQUOR
NEW INDIAN SUPERMARKET
doaba
MOUNTAIN MIKE'S
LATHROP LIQUOR
PAAM
SUNSET LIQUORS
MART LIQUOR
SANSAR
CASTLE WINTON PHARMACY
Nor Cal Liquors
dhaba Indian Cuisine
NEW INDIAN FABRIC
CLEANERS
CITY AUTO
Two Guy's FUEL
TANDOORi PIZZA
Bright Smiles Dentistry
IMPERIAL SPICE
KAUSS TRUCKING
SUNRISE TRUCKING
ADVANCED Trucking
TRY-US TRANSPORTATION INC.
Sandhu Brothers
Sohi Realty LLC
LTA Bros Inc
Kamal Transport
Continental C Express Inc
ROAD KING TRUCK LINES
MARCH DENTAL CARE
ARCO ampm
SUBWAY
ਇਸ ਵਾਰ ਪਹਿਲਾਂ ਹੀ ਸਾਰੇ Vendors Book ਹਨ
ਵਧੇਰੇ ਜਾਣਕਾਰੀ ਲਈ ਕਾਲ ਕਰੋ : Tajinder Muhar :(209) 640-9521 | Rani Kahlon :(209) 683-6926

# ਜੀਓ, ਏਅਰਟੈਲ, ਵੋਡਾਫੋਨ, ਆਈਡੀਆ ਟੈਲੀਫੋਨ ਕੰਪਨੀਆਂ ਵੱਲੋਂ 15-20% ਦਰਾਂ ਵਧਾਕੇ ਲੋਕਾਂ 'ਤੇ 35 ਹਜ਼ਾਰ ਕਰੋੜ ਰੁਪਏ ਦਾ ਬੋਝ ਪਾਇਆ: ਇਨਕਲਾਬੀ ਕੇਂਦਰ ਪੰਜਾਬ

ਜਲੰਧਰ
ਸਾਂਝੀ ਸੋਚ ਬਿਊਰੋ

ਤਿੰਨ ਟੈਲੀਫੋਨ ਕੰਪਨੀਆਂ ਵੱਲੋਂ ਲੋਕਾਂ ਦੀਆਂ ਜੇਬਾਂ 'ਤੇ 34824 ਕਰੋੜ ਰੁ: ਸਲਾਨਾ ਦਾ ਡਾਕਾ ਮਾਰ ਲਿਆ ਗਿਆ ਹੈ। ਇਨ੍ਹਾਂ ਤਿੰਨੇ ਕੰਪਨੀਆਂ ਜੀਓ, ਏਅਰਟੈੱਲ, ਵੋਡਾਫੋਨ-ਆਈਡੀਆ ਦਾ ਭਾਰਤ ਦੀ ਮੋਬਾਈਲ ਫੋਨ ਮੰਡੀ ਦੇ ਵੱਡੇ ਹਿੱਸੇ ਤੇ ਕਬਜ਼ਾ ਹੈ। ਭਾਰਤ ਵਿੱਚ ਇਹਨਾਂ ਕੰਪਨੀਆਂ ਦੇ 109 ਕਰੋੜ ਕੁਨੈਕਸ਼ਨ ਹਨ। ਇਹਨਾਂ ਵਿੱਚੋਂ ਜੀਓ ਦੇ 48 ਕਰੋੜ, ਏਅਰਟੈੱਲ ਦੇ 39 ਕਰੋੜ, ਵੋਡਾਫੋਨ-ਆਈਡੀਆ ਦੇ 22 ਕਰੋੜ 37 ਲੱਖ ਕੁਨੈਕਸ਼ਨ ਹਨ। ਇਨ੍ਹਾਂ ਤਿੰਨੇ ਕੰਪਨੀਆਂ ਨੇ 3 ਅਤੇ 4 ਜੁਲਾਈ 2024 ਤੋਂ ਰੇਟਾਂ ਵਿੱਚ ਔਸਤਨ 15% ਤੋਂ 20% ਤੱਕ ਦਾ ਵਾਧਾ ਕਰਕੇ ਸਿੱਧੇ ਰੂਪ 'ਚ ਲੋਕਾਂ ਦੀਆਂ ਜੇਬਾਂ ਤੇ 34824 ਕਰੋੜ ਸਾਲਾਨਾ ਦਾ ਡਾਕਾ ਮਾਰ ਲਿਆ ਹੈ ਜਾਂ ਇਹ ਕਹਿ ਲਵੋ ਕਿ ਪਹਿਲਾਂ ਨਾਲੋਂ 34824 ਕਰੋੜ ਰੁਪਏ ਪ੍ਰਤੀ ਸਾਲ ਵੱਧ ਆਪਣੀ ਝੋਲੀ ਪਾਉਣ ਲਈ ਰਾਹ ਤਿਆਰ ਕਰ ਲਿਆ ਹੈ।

ਇਹ ਬੇਮੁਹਾਰੀ ਲੁੱਟ ਜਾਂ ਰੇਟਾਂ ਵਿੱਚ ਵਾਧਾ ਕਰਨ ਲਈ ਇਨ੍ਹਾਂ ਕੰਪਨੀਆਂ ਨੂੰ ਮੋਦੀ ਸਰਕਾਰ ਨੇ ਖੁੱਲ੍ਹੀ ਛੁੱਟੀ ਦਿੱਤੀ ਹੋਈ ਹੈ। ਇਨ੍ਹਾਂ ਨੂੰ ਟੈਲੀਕਾਮ ਰੈਲੂਰੇਟਰੀ ਅਥਾਰਿਟੀ ਕੋਲੋਂ ਵੀ ਮਨਜ਼ੂਰੀ ਲੈਣ ਦੀ ਲੋੜ ਨਹੀਂ ਹੈ। ਕਾਰਪੋਰੇਟ ਘਰਾਣਿਆਂ ਦੀ ਸੇਵਾ ਵਿੱਚ ਲੱਗਾ ਹੋਇਆ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗੋਦੀ ਮੀਡੀਆ ਦੋ ਸਾਲ ਤੋਂ ਵਾਧਾ ਨਾਂ ਕਰਨ ਦੇ ਬਹਾਨੇ ਹੇਠ ਟੈਲੀਫੋਨ ਕੰਪਨੀਆਂ ਵੱਲੋਂ ਮਾਰੇ ਗਏ ਇਸ ਡਾਕੇ ਨੂੰ ਜਾਇਜ਼ ਠਹਿਰਾ ਰਿਹਾ ਹੈ। 1990-91 ਤੋਂ ਪਹਿਲਾਂ ਟੈਲੀਫੋਨ ਦਾ ਸਾਰਾ ਕੰਮ ਸਰਕਾਰੀ ਖੇਤਰ ਵਿੱਚ ਹੁੰਦਾ ਸੀ ਪਰ ਉਸ ਤੋਂ ਬਾਅਦ ਰਾਓ-ਮਨਮੋਹਣ ਸਿੰਘ ਵੱਲੋਂ ਵਿਸ਼ਵ ਵਪਾਰ ਸੰਸਥਾ ਦੀਆਂ ਲੋਕ ਵਿਰੋਧੀ ਨੀਤੀਆਂ ਰਾਹੀਂ ਨਿੱਜੀਕਰਨ, ਉਦਾਰੀਕਰਨ, ਸੰਸਾਰੀਕਰਨ ਦੀ ਨੀਤੀ ਲਾਗੂ ਕਰਕੇ ਮੁਕਾਬਲੇਬਾਜ਼ੀ ਰਾਹੀਂ ਵਧੀਆਂ ਸੇਵਾਵਾਂ ਦੇਣ ਦੇ ਬਹਾਨੇ ਹੇਠ ਇਨ੍ਹਾਂ ਪ੍ਰਾਈਵੇਟ ਟੈਲੀਫੋਨ ਕੰਪਨੀਆਂ ਦੇ ਇਸ ਖੇਤਰ ਵਿੱਚ ਦਾਖਲੇ ਲਈ ਰਾਹ ਪੱਧਰਾ ਕੀਤਾ ਗਿਆ। ਹੁਣ ਮੋਦੀ ਸਰਕਾਰ ਵੱਲੋਂ ਬੀਐਸਐਨਐਲ (ਸਰਕਾਰੀ ਖੇਤਰ ਦੇ ਅਦਾਰੇ) ਨੂੰ ਬਿਲਕੁਲ ਹੀ ਦਰਕਿਨਾਰ





ਕਰ ਦਿੱਤਾ ਗਿਆ ਹੈ। ਇਨ੍ਹਾਂ ਤਿੰਨੇ ਪ੍ਰਾਈਵੇਟ ਟੈਲੀਫੋਨ ਕੰਪਨੀਆਂ ਵਿੱਚ ਸਰਕਾਰੀ ਅਦਾਰੇ ਦੇ ਟਾਵਰਾਂ ਨੂੰ ਵਰਤਕੇ 5 ਜੀ ਤੋਂ ਅੱਗੇ 6 ਜੀ ਸੇਵਾਵਾਂ ਦੇਣ ਦੀ ਹੋੜ ਲੱਗੀ ਹੋਈ ਹੈ ਜਦਕਿ ਬੀਐਸਐਨਐਲ ਨੂੰ ਹਾਲੇ ਤੱਕ ਵੀ 5ਜੀ ਦੀਆਂ ਸੇਵਾਵਾਂ ਦੇਣ ਤੋਂ ਵਾਂਝਿਆਂ ਰੱਖਿਆ ਹੋਇਆ ਹੈ। ਜਿਸ ਦਾ ਸਿੱਟਾ ਇਹ ਹੈ ਕਿ ਬੀਐਸਐਨਐਲ ਦੇ ਸੈਲ ਫੋਨ ਵਰਤਣ ਵਾਲਿਆਂ ਦੀ ਗਿਣਤੀ ਲਗਾਤਾਰ ਘਟ ਰਹੀ ਹੈ ਅਤੇ ਖ਼ਤਮ ਹੋਣ ਦੇ ਕੰਢੇ ਆਖ਼ਰੀ ਸਾਹ ਗਿਣ ਰਹੀ ਹੈ।

ਯਾਦ ਰੱਖਣਯੋਗ ਗੱਲ ਇਹ ਹੈ ਕਿ ਇਹ ਕੰਪਨੀਆਂ ਲੋਕਾਂ ਦੀਆਂ ਜੇਬਾਂ ਉੱਪਰ ਡਾਕਾ ਮਾਰਕੇ ਸਿਆਸੀ ਪਾਰਟੀਆਂ ਖਾਸ ਕਰਕੇ ਭਾਰਤੀ ਜਨਤਾ ਪਾਰਟੀ ਨੂੰ 150 ਕਰੋੜ ਦਾ ਚੋਣ ਬਾਂਡ ਮੁਹੱਈਆ ਕਰਵਾਉਣ ਵਾਲਿਆਂ ਦੀ ਮੋਹਰੀ ਕਤਾਰ ਵਿੱਚ ਹਨ। 'ਚੰਦਾ ਦੋ-ਧੰਦਾ ਲੋ' ਵਾਲੀ ਕਹਾਵਤ ਇਨ੍ਹਾਂ ਕੰਪਨੀਆਂ ਉੱਪਰ ਐਨ ਢੁੱਕਦੀ ਹੈ। ਇਹ ਇਕੱਲੇ ਟੈਲੀਕਾਮ ਖੇਤਰ ਦੀ ਹੀ ਗੱਲ ਨਹੀਂ ਹੈ। ਇਨਾਂ ਨੀਤੀਆਂ ਰਾਹੀਂ ਜਨਤਕ ਖੇਤਰ ਦੇ ਸਾਰੇ ਅਦਾਰੇ ਕੋਇਲਾ ਖਾਣਾਂ, ਊਰਜਾ ਖੇਤਰ, ਰੇਲਵੇ, ਜਹਾਜਰਾਨੀ, ਬੈਂਕ, ਬੀਮਾ, ਸੜਕਾਂ, ਸਿਹਤ ਅਤੇ ਸਿੱਖਿਆ, ਤੇਲ ਅਤੇ ਕੁਦਰਤੀ ਗੈਸ ਖੋਜ ਜਿਹੇ ਸਾਰੇ ਬੁਨਿਆਦੀ ਅਦਾਰੇ ਕੌਡੀਆਂ ਦੇ ਭਾਅ ਇਨ੍ਹਾਂ ਦੇਸ਼ੀ-ਬਦੇਸ਼ੀ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਲਈ ਰਾਹ ਪੱਧਰਾ ਕਰ ਲਿਆ ਹੈ।

ਇਨਕਲਾਬੀ ਕੇਂਦਰ ਦੇ ਪ੍ਰਧਾਨ ਨਰਾਇਣ ਦੱਤ, ਜਨਰਲ ਸਕੱਤਰ ਕੰਵਲਜੀਤ ਖੰਨਾ, ਸੂਬਾ ਕਮੇਟੀ ਮੈਂਬਰਾਨ ਮੁਖਤਿਆਰ ਪੂਹਲਾ, ਜਸਵੰਤ ਜੀਰਖ ਅਤੇ ਜਗਜੀਤ ਲਹਿਰਾ ਮੁਹੱਬਤ ਨੇ ਕਿਹਾ ਕਿ 18ਵੀਂ ਲੋਕ ਸਭਾ ਚੋਣਾਂ ਦੀ ਹਾਲੇ ਤਾਂ ਸਿਆਹੀ ਵੀ ਨਹੀਂ ਸੀ ਸੁੱਕੀ ਕਿ ਮੋਦੀ ਸਰਕਾਰ ਨੇ ਹਕੂਮਤੀ ਗੱਦੀ ਸਾਂਭਦਿਆ ਸਾਰ ਹੀ ਕਾਰਪੋਰੇਟਾਂ ਨੂੰ 35 ਹਜ਼ਾਰ ਕਰੋੜ ਦਾ ਤੋਹਫਾ ਦੇ ਦਿੱਤਾ ਹੈ। ਇਹ ਟ੍ਰੇਲਰ ਮਾਤਰ ਹੈ, ਆਉਣ ਵਾਲੇ ਸਮੇਂ ਲਈ ਸੁਣਾਉਣੀ ਹੈ। ਮੋਦੀ ਹਕੂਮਤ ਦਾ ਇਹ ਕਾਰਜਕਾਲ ਵੀ ਖ਼ਤਰੇ ਭਰਪੂਰ ਰਹੇਗਾ ਕਿਉਂਕਿ ਗੰਭੀਰ ਆਰਥਿਕ ਸੰਕਟ ਵਿੱਚੋਂ ਗੁਜ਼ਰ ਰਹੇ ਭਾਰਤੀ ਹਾਕਮ ਇਸ ਦਾ ਭਾਰ ਲੋਕਾਈ ਉੱਪਰ ਹੀ ਲੱਦਣਗੇ ਅਤੇ ਦੇਸ਼ੀ-ਬਦੇਸ਼ੀ ਕਾਰਪੋਰੇਟ ਘਰਾਣਿਆਂ ਨੂੰ ਮਾਲੋ-ਮਾਲ ਕਰਨ ਦੀ ਕੋਈ ਕਸਰ ਬਾਕੀ ਨਹੀਂ ਛੱਡਣਗੇ। ਜਿਵੇਂ ਕੋਵਿਡ ਕਾਲ ਦੌਰਾਨ ਆਮ ਲੋਕਾਈ ਅਸਿਹ ਮੁਸ਼ਕਿਲਾਂ ਸਹਿੰਦੀ ਰਹੀ ਤੇ ਅੰਬਾਨੀ ਜਿਹੇ ਲੁਟੇਰੇ ਕਾਰਪੋਰੇਟ ਘਰਾਣੇ 90 ਕਰੋੜ ਰੁਪੈ ਪ੍ਰਤੀ ਘੰਟਾ ਕਮਾਈ ਕਰਦੇ ਰਹੇ। ਇਹ ਨੀਤੀਆਂ ਲਾਗੂ ਕਰਦੇ ਸਮੇਂ ਲੋਕਾਂ ਦੇ ਬੁਨਿਆਦੀ ਮੁੱਦਿਆਂ ਤੋਂ ਧਿਆਨ ਭਟਕਾਉਣ ਲਈ ਫਿਰਕੂ ਫਾਸ਼ੀ ਹੱਲੇ ਵੀ ਤੇਜ਼ ਕਰਨਗੇ। ਅਰੁੰਧਤੀ ਰਾਏ ਅਤੇ ਪ੍ਰੋ.ਸ਼ੇਖ ਸ਼ੌਖਤ ਹੁਸੈਨ ਉੱਪਰ 14 ਸਾਲ ਪੁਰਾਣਾ ਕੇਸ ਚਲਾਉਣ ਦੀ ਯੂਏਪੀਏ ਤਹਿਤ ਮਨਜ਼ੂਰੀ ਦੇਣ ਤੋਂ ਬਾਅਦ ਸਮਾਜਿਕ ਕਾਰਕੁਨ ਮੇਧਾ ਪਾਟੇਕਰ ਨੂੰ 5 ਮਹੀਨੇ ਦੀ ਸਜ਼ਾ ਅਤੇ ਦਸ ਲੱਖ ਰੁ. ਦਾ ਜ਼ੁਰਮਾਨਾ ਇਸ ਦੀਆਂ ਆਹਲਾ ਉਦਾਹਰਣਾਂ ਹਨ। ਅਜਿਹਾ ਹੀ ਤਿੰਨ ਨਵੇਂ ਨਾਵਾਂ ਥੱਲੇ ਲਾਗੂ ਕੀਤੇ ਜਾਬਰ ਕਾਨੂੰਨਾਂ ਦੀ ਦਾਸਤਾਂ ਹੈ। ਇਨ੍ਹਾਂ ਕਾਨੂੰਨਾਂ ਦੀ ਸਭ ਤੋਂ ਵਧੇਰੇ ਮਾਰ ਲਿਖਣ, ਬੋਲਣ, ਵਿਚਾਰ ਪ੍ਰਗਟਾਉਣ ਤੋਂ ਅੱਗੇ ਸੰਘਰਸ਼ਸ਼ੀਲ ਤਬਕਿਆਂ ਨੂੰ ਸਹਿਣੀ ਪਵੇਗੀ। ਆਗੂਆਂ ਨੇ ਮਿਹਨਤਕਸ਼ ਲੋਕਾਈ ਨੂੰ ਮੋਦੀ ਹਕੂਮਤ ਦੇ ਆਰਥਿਕ ਅਤੇ ਫਿਰਕੂ ਫਾਸ਼ੀ ਹੱਲੇ ਖਿਲਾਫ ਇੱਕਜੁੱਟ ਸਾਂਝੇ ਸੰਘਰਸ਼ਾਂ ਦਾ ਪਿੜ ਮੱਲਣ ਲਈ ਮੈਦਾਨ ਵਿੱਚ ਨਿੱਤਰਨ ਦਾ ਸੱਦਾ ਦਿੱਤਾ।

# ਬੇਰੁਜ਼ਗਾਰ ਸਾਂਝੇ ਮੋਰਚੇ ਨੇ ਕੀਤਾ 'ਆਪ' ਦੇ ਦਫ਼ਤਰ ਦਾ ਘਿਰਾਓ ਮੁੱਖ ਮੰਤਰੀ ਨਾਲ ਕਰਵਾਈ ਮੀਟਿੰਗ ਜਲਦ ਹੋਵੇਗੀ ਪੈਨਲ ਮੀਟਿੰਗ

ਜਲੰਧਰ
ਸਾਂਝੀ ਸੋਚ ਬਿਊਰੋ

ਸਥਾਨਕ ਜ਼ਿਮਨੀ ਚੋਣ ਵਿੱਚ ਪੰਜਾਬ ਦੀਆਂ ਦਰਜਨਾਂ ਜਥੇਬੰਦੀਆਂ ਨੇ ਆਮ ਆਦਮੀ ਪਾਰਟੀ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਨ ਦਾ ਸਿਲਸਿਲਾ ਤੇਜ਼ ਹੋ ਚੁੱਕਾ ਹੈ।ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਰੁਜ਼ਗਾਰ ਦੀ ਮੰਗ ਕਰਦੇ ਬੇਰੁਜ਼ਗਾਰ ਸਾਂਝੇ ਮੋਰਚੇ ਦੀਆਂ ਪੰਜ ਬੇਰੁਜ਼ਗਾਰ ਜਥੇਬੰਦੀਆਂ ਨੇ ਸਥਾਨਕ ਭਗਤ ਰਵਿਦਾਸ ਚੌਂਕ ਤੋ ਕਰੀਬ ਚਾਰ ਕਿਲੋਮੀਟਰ ਮਾਰਚ ਕਰਕੇ ਆਮ ਆਦਮੀ ਪਾਰਟੀ ਦੇ ਮੁੱਖ ਦਫਤਰ ਦਾ ਘਿਰਾਓ ਕੀਤਾ।

ਇਸ ਦੌਰਾਨ ਪ੍ਰਦਰਸ਼ਨਕਾਰੀਆਂ ਅਤੇ ਆਮ ਆਦਮੀ ਪਾਰਟੀ ਦੇ ਸਮਰਥਕਾਂ ਵਿੱਚ ਤਲਖ਼ੀ ਵੀ ਹੋਈ। ਇਸ ਉਪਰੰਤ ਲੰਬਾ ਸਮਾਂ ਨਾਹਰੇਬਾਜੀ ਕਰਦੇ ਬੇਰੁਜ਼ਗਾਰਾਂ ਨੂੰ ਮੁੱਖ ਮੰਤਰੀ ਨਾਲ ਮੀਟਿੰਗ ਕਰਵਾਉਣ ਲਈ ਪ੍ਰਸ਼ਾਸ਼ਨ ਨੇ ਉਹਨਾਂ ਦੀ ਨਿੱਜੀ ਆਰਜ਼ੀ ਰਿਹਾਇਸ ਵਿਖੇ ਲਿਜਾਇਆ ਗਿਆ।

ਬੇਰੁਜ਼ਗਾਰ ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਰਮਨ ਕੁਮਾਰ ਮਲੋਟ, ਜਸਵੰਤ ਘੁਬਾਇਆ, ਹਰਜਿੰਦਰ ਝੁਨੀਰ, ਹਰਪ੍ਰੀਤ ਕੌਰ ਅਤੇ ਅਮਨ ਸੇਖਾ ਨੇ ਦੱਸਿਆ ਕਿ ਬੇਰੁਜ਼ਗਾਰਾਂ ਦੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰਦੇ ਬੇਰੁਜ਼ਗਾਰਾਂ ਨੂੰ ਪਿਛਲੇ 27 ਮਹੀਨੇ ਤੋ ਖੱਜਲ ਖੁਆਰ ਕੀਤਾ ਜਾ ਰਿਹਾ ਹੈ।ਪਿਛਲੀਆਂ ਸਰਕਾਰਾਂ ਵਾਂਗ ਸਿਰਫ ਫੋਕੀ ਇਸ਼ਤਿਹਾਰ ਬਾਜ਼ੀ ਰਾਹੀਂ ਰੁਜ਼ਗਾਰ ਦੇ ਅੰਕੜੇ ਪੇਸ਼ ਕਰਕੇ ਵਾਹ ਵਾਹ ਖੱਟਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਬੇਰੁਜ਼ਗਾਰ ਆਗੂਆਂ ਨੇ ਕਿਹਾ ਕਿ ਪਿਛਲੀ ਕਾਂਗਰਸ ਸਰਕਾਰ ਮੌਕੇ ਪੁਲਿਸ ਲਾਠੀਚਾਰਜ ਝੱਲਦੇ ਅਤੇ ਟੈਂਕੀਆਂ ਉੱਤੇ ਚੜ੍ਹ ਕੇ ਰੋਸ ਪ੍ਰਦਰਸ਼ਨ ਕਰਦੇ ਬੇਰੁਜ਼ਗਾਰਾਂ ਦੇ ਹਾਲਾਤ 27 ਮਹੀਨਿਆਂ ਵਿੱਚ ਹੋਰ ਬਦਤਰ ਹੋਏ ਹਨ।ਅਜੇ ਵੀ ਜਿਉਂ ਦੀ ਤਿਉਂ ਪੱਗਾਂ/ਚੁੰਨੀਆਂ ਲੱਥ ਰਹੀਆਂ ਹਨ। ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਪਹਿਲ ਦੇ ਆਧਾਰ ਉੱਤੇ ਭਰਤੀ ਕਰਨ ,ਸਿੱਖਿਆ ਵਿਭਾਗ ਵਿੱਚ ਭਰਤੀ ਕੈਲੰਡਰ ਲਾਗੂ ਕਰਨ, ਪਿਛਲੀਆਂ ਸਰਕਾਰਾਂ ਦੀ ਨਾਕਾਮੀ ਕਾਰਨ ਓਵਰ ਏਜ਼ ਹੋਏ ਬੇਰੁਜ਼ਗਾਰਾਂ ਨੂੰ ਉੱਮਰ ਹੱਦ ਛੋਟ ਦੇਣ ਦੇ ਝਾਂਸੇ ਲਾਰੇ ਸਾਬਤ ਹੋ ਚੁੱਕੇ ਹਨ। ਉਹਨਾਂ ਦੱਸਿਆ ਕਿ ਸਿੱਖਿਆ ਵਿਭਾਗ ਵਿੱਚ ਨਰਸਰੀ ਤੋਂ ਲੈਕੇ ਪ੍ਰੋਫੈਸਰ ਕਾਡਰ ਤੱਕ ਇੱਕ ਵੀ ਅਸਾਮੀ ਦਾ ਇਸ਼ਤਿਹਾਰ ਜਾਰੀ ਨਹੀਂ ਕੀਤਾ ਗਿਆ, ਪੰਜਾਬ ਦੇ ਸਿਹਤ ਪੱਧਰ ਨੂੰ ਉੱਚਾ ਚੁੱਕਣ ਲਈ ਸਿਹਤ ਵਿਭਾਗ ਵਿੱਚ ਮਲਟੀ ਪਰਪਜ਼ ਹੈਲਥ ਵਰਕਰ ਦੀ "ਸਿੰਗਲ ਪੋਸਟ" ਵੀ ਜਾਰੀ ਨਹੀਂ ਕੀਤੀ ਗਈ। ਉਮਰ ਹੱਦ ਛੋਟ ਦੇਣ ਸਬੰਧੀ ਭਰਤੀ ਨਿਯਮ ਨਹੀਂ ਸੋਧੇ ਗਏ। ਕਾਂਗਰਸ ਮੌਕੇ ਮਾਸਟਰ ਕੇਡਰ ਲਈ ਗ੍ਰੈਜੂਏਸ਼ਨ ਵਿੱਚੋ 55 ਪ੍ਰਤੀਸ਼ਤ ਅੰਕ ਲਾਜ਼ਮੀ ਹੋਣ ਦੀ ਥੋਪੀ ਗਈ ਬੇਤੁਕੀ ਸ਼ਰਤ ਰੱਦ ਨਹੀਂ ਕੀਤੀ ਗਈ, ਆਰਟ ਐਂਡ ਕਰਾਫਟ




ਦੀਆਂ 250 ਜਾਰੀ ਅਸਾਮੀਆਂ ਦਾ ਲਿਖਤੀ ਪੇਪਰ ਨਹੀਂ ਲਿਆ ਗਿਆ।

ਉਹਨਾਂ ਦੱਸਿਆ ਕਿ ਉਕਤ ਮੰਗਾਂ ਸਬੰਧੀ ,ਮਾਸਟਰ ਕੇਡਰ ਦੇ ਸਾਰੇ ਵਿਸ਼ਿਆਂ ਦੀਆਂ ਸਾਰੀਆਂ ਖਾਲੀ ਅਸਾਮੀਆਂ ਉੱਤੇ ਭਰਤੀ ਕਰਨ ਅਤੇ ਲੈਕਚਰਾਰ ਦੇ ਸਾਰੇ ਵਿਸ਼ਿਆਂ ਉੱਤੇ ਭਰਤੀ ਕਰਨ ਅਤੇ ਉਮਰ ਹੱਦ ਛੋਟ ਦੇਣ ਦੀ ਮੰਗ ਨੂੰ ਲੈਕੇ ਪਿਛਲੀਆ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਮੰਗ ਪੱਤਰ ਦੇਣ ਦੀ ਮੁਹਿੰਮ ਵਿੱਢੀ ਸੀ।

ਬੇਰੁਜ਼ਗਾਰਾਂ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਨੇ ਬੇਰੁਜ਼ਗਾਰਾਂ ਦੀ ਜਲਦ ਪੈਨਲ ਮੀਟਿੰਗ ਕਰਕੇ ਮੰਗਾਂ ਹੱਲ ਕਰਨ ਦਾ ਭਰੋਸਾ ਦਿੱਤਾ। ਬਿਜਲੀ ਵਿਭਾਗ ਵਿੱਚ ਤਰਸ ਦੇ ਆਧਾਰ ਉਪਰ ਰੁਜ਼ਗਾਰ ਦੀ ਮੰਗ ਕਰਦੇ ਮਿਰਤਕ ਮਿਰਤਕ ਆਸ਼ਰਿਤਾਂ ਦੀਆਂ ਮੰਗਾਂ ਨੂੰ ਸੰਬਧਤ ਵਿਭਾਗ ਵੱਲ ਕੇ ਨਿਯਮਾਂ ਵਿੱਚ ਸੋਧ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਮੁੱਖ ਮੰਤਰੀ ਦੇ ਓ ਐਸ ਡੀ ਉਂਕਾਰ ਸਿੰਘ ਬਰਾੜ ਨੇ ਸਮੁੱਚੀਆਂ ਮੰਗਾਂ ਸਬੰਧੀ ਸੰਬਧਤ ਵਿਭਾਗਾਂ ਨੂੰ ਸੂਚਿਤ ਕੀਤਾ।

ਇਸ ਮੌਕੇ ਜਗਸੀਰ ਸਿੰਘ ਝਲੂਰ, ਗੁਰਪ੍ਰੀਤ ਸਿੰਘ ਪੱਕਾ, ਸੁਖਪਾਲ ਖ਼ਾਨ, ਮਨਪ੍ਰੀਤ ਸਿੰਘ ਭੁੱਚੋ, ਅਵਤਾਰ ਭੁੱਚੋ, ਹਰਵਿੰਦਰ ਸਿੰਘ ਥੂਹੀ, ਲਲਿਤਾ ਪਟਿਆਲਾ, ਬਖਸੀਸ ਤਰਨਤਾਰਨ, ਸਮਨ ਮਾਲੇਰਕੋਟਲਾ, ਗੁਰਮਿੰਦਰ ਬਨਭੌਰੀ, ਹਰਸ਼ ਭੱਠਲ, ਅਵਤਾਰ ਹਰੀਗੜ੍ਹ, ਕਰਮਜੀਤ, ਜਗਜੀਤ ਪੁਰਾ, ਜਸਵਿੰਦਰ ਠੁੱਲੀਵਾਲ, ਗੁਰਦੀਪ ਰਾਮਗੜ੍ਹ, ਗੁਰਦੀਪ ਨੰਗਲ, ਮਨਜੋਤ ਬਠਿੰਡਾ, ਅਨੀਤਾ ਭੀਖੀ, ਗੀਤਾ ਬੁਢਲਾਡਾ, ਲੱਖਾ ਜੋਗਾ, ਨਾਹਰ ਝਨੇੜੀ, ਮੇਜਰ ਪਾਤੜਾਂ, ਜਸਮੇਲ ਦੇਧਨਾ, ਰਾਜ ਸੰਗਤੀਵਾਲਾ, ਪ੍ਰੀਤ ਕੌਰ ਬੁਢਲਾਡਾ, ਸੰਕਰ ਬਰੇਟਾ, ਨਿਰਮਲ ਮੋਗਾ, ਮਨਪ੍ਰੀਤ ਭੁੱਚੋ, ਲਖਬੀਰ ਬੀਹਲਾ, ਲਲਿਤਾ ਪਟਿਆਲਾ, ਮਨੀਸ਼ ਫਾਜ਼ਿਲਕਾ, ਅਵਤਾਰ ਭੁੱਚੋ, ਪ੍ਰੇਮ ਅਬੋਹਰ, ਦਵਿੰਦਰ ਲੁਧਿਆਣਾ, ਮਨਦੀਪ ਮੋਗਾ, ਅਮਰਜੀਤ ਫਿਰੋਜ਼ਪੁਰ, ਕਾਲਾ ਫਾਜ਼ਿਲਕਾ, ਕੁਲਦੀਪ ਫਿਰੋਜ਼ਪੁਰ, ਅਨੀਸ਼ ਕੁਮਾਰ, ਨਛੱਤਰ ਸਿੰਘ, ਦਵਿੰਦਰ ਸਿੰਘ, ਪ੍ਰੇਮ ਸਿੰਘ, ਹੀਰਾ ਲਾਲ ਅਮ੍ਰਿਤਸਰ, ਸੁਖਪਾਲ ਖਾਨ ਸੰਗਰੂਰ, ਰਛਪਾਲ ਸੰਗਰੂਰ, ਪੂਜਾ ਰਾਣੀ, ਸਤਨਾਮ ਕੌਰ, ਜਸਵੀਰ ਕੌਰ, ਮਨਿੰਦਰ ਕੌਰ, ਲਵਪ੍ਰੀਤ ਕੌਰ, ਡਿੰਪਲਪ੍ਰੀਤ, ਹਰਪ੍ਰੀਤ ਕੌਰ, ਕੁਲਦੀਪ ਕੌਰ, ਹਰਦੀਪ ਕੌਰ, ਹਰਕਿਰਨਦੀਪ ਕੌਰ, ਗੁਰਪ੍ਰੀਤ ਮਾਨਸਾ, ਰੀਟਾ ਕੁਮਾਰੀ, ਰਿਸ਼ਮਾਂ ਪੁਰੀ, ਤ੍ਰਿਪਤਜੀਤ ਕਪੂਰਥਲਾ, ਜਤਿੰਦਰ ਕੌਰ ਖੈਰਾ, ਕਮਲ ਜਲੰਧਰ, ਰਾਕੇਸ਼, ਨਰੇਸ਼ ਪਠਾਨਕੋਟ, ਕਿਰਨਦੀਪ, ਮਨਜੀਤ ਹੁਸ਼ਿਆਰਪੁਰ, ਸ਼ੁਭਮ, ਜਗਦੀਪ ਬਠਿੰਡਾ, ਅਮਿਤ ਸੰਗਰੂਰ, ਨਰੇਸ਼ ਸੰਗਰੂਰ, ਕ੍ਰਿਸ਼ਨ ਫਰੀਦਕੋਟ, ਕਰਮਜੀਤ ਕੋਟਕਪੂਰਾ, ਗੁਰਬਿੰਦਰ ਕੌਰ ਲੁਧਿਆਣਾ, ਸਮਨ ਮਲੇਰਕੋਟਲਾ, ਕਮਲਦੀਪ ਬਟਾਲਾ, ਦਵਿੰਦਰ ਧੂਰੀ, ਰਮਨਜੀਤ ਜਗਰਾਓਂ, ਲਖਵੀਰ ਕੌਰ, ਸੁਨੀਤਾ ਬਰੇਟਾ, ਪੂਨਮ ਬਾਲਾ ਲੁਧਿਆਣਾ, ਸੁਰਜੀਤ ਅਮ੍ਰਿਤਸਰ ਆਦਿ ਹਾਜ਼ਰ ਸਨ।

ਵਰਨਣਯੋਗ ਹੈ ਕਿ ਪੰਜਾਬ ਦੇ ਸਮੂਹ ਬੇਰੁਜ਼ਗਾਰਾਂ ਦੇ ਰੁਜ਼ਗਾਰ ਲਈ ਪੰਜ ਬੇਰੁਜ਼ਗਾਰ ਜਥੇਬੰਦੀਆਂ (ਬੀ ਐਡ ਟੈੱਟ ਪਾਸ, ਆਰਟ ਐਂਡ ਕਰਾਫਟ, ਓਵਰਏਜ਼ ਬੀ ਐੱਡ ਟੈੱਟ ਪਾਸ, ਮੈਥ/ਸਾਇੰਸ ਬੀ ਐਡ ਟੈੱਟ ਪਾਸ ਅਤੇ ਮਲਟੀ ਪਰਪਜ਼ ਹੈਲਥ ਵਰਕਰ) ਉੱਤੇ ਆਧਾਰਤ ਮੋਰਚਾ ਪਿਛਲੇ ਸਮੇਂ ਤੋਂ ਯਤਨਸ਼ੀਲ਼ ਹੈ। ਉਹਨਾਂ ਦੱਸਿਆ ਕਿ ਲੋਕਾਂ ਨਾਲ ਛਲਾਵਾ ਕਰਨ ਵਾਲਿਆਂ ਨੂੰ ਪੰਜਾਬ ਦੇ ਅਣਖੀ, ਸੰਘਰਸ਼ੀ ਅਤੇ ਜਾਗਰੂਕ ਵੋਟਰ ਕਦੇ ਵੀ ਮੁਆਫ਼ ਨਹੀ ਕਰਦੇ ਅਤੇ ਮੁੜ ਮੌਕਾ ਨਹੀ ਦਿੰਦੇ।

ਬੇਰੁਜ਼ਗਾਰ ਸਾਂਝੇ ਮੋਰਚੇ ਦੀਆਂ ਮੰਗਾਂ:-

1. ਉਮਰ ਹੱਦ ਛੋਟ ਦੇ ਕੇ ਮਾਸਟਰ ਕੇਡਰ ਦੇ ਸਾਰੇ ਵਿਸ਼ਿਆਂ ਦੀਆਂ ਸਾਰੀਆਂ ਖਾਲੀ ਅਸਾਮੀਆਂ ਉੱਤੇ ਭਰਤੀ ਕੀਤੀ ਜਾਵੇ।
2. ਮਾਸਟਰ ਕੇਡਰ ਵਿੱਚ ਥੋਪੀ ਬੇਤੁਕੀ ਸ਼ਰਤ 55 ਪ੍ਰਤੀਸ਼ਤ ਰੱਦ ਕੀਤੀ ਜਾਵੇ।
3. ਆਰਟ ਐਂਡ ਕਰਾਫਟ ਦਾ ਲਿਖਤੀ ਪੇਪਰ ਤੁਰੰਤ ਲਿਆ ਜਾਵੇ।
4. ਪ੍ਰਾਇਮਰੀ ਕੇਡਰ ਵਿੱਚ ਡਰਾਇੰਗ ਟੀਚਰਾਂ ਦੀਆਂ 2000 ਅਸਾਮੀਆਂ ਉਮਰ ਹੱਦ ਵਿੱਚ ਛੋਟ ਦੇ ਕੇ ਭਰਤੀ ਕੀਤੀ ਜਾਵੇ।
5. ਮਲਟੀ ਪਰਪਜ਼ ਹੈਲਥ ਵਰਕਰ ਦੀਆਂ ਸਾਰੀਆਂ ਖਾਲੀ ਅਸਾਮੀਆਂ ਉੱਤੇ ਭਰਤੀ ਕੀਤੀ ਜਾਵੇ। ਉਮਰ ਹੱਦ ਛੋਟ ਦਿੱਤੀ ਜਾਵੇ।
6. ਲੈਕਚਰਾਰ ਦੇ ਸਾਰੇ ਵਿਸ਼ਿਆਂ ਦੀ ਭਰਤੀ, ਕੰਬੀਨੇਸ਼ਨ ਦਰੁਸਤ ਕਰਕੇ ਮੁੜ ਤੋ ਜਾਰੀ ਕੀਤੀ ਜਾਵੇ ਅਤੇ ਓਵਰ ਏਜ਼ ਹੋ ਚੁੱਕੇ ਉਮੀਦਵਾਰਾਂ ਨੂੰ ਮੌਕਾ ਦਿੱਤਾ ਜਾਵੇ।

ਫਰੀਦਾ ਦਰੀਆਵੈ ਕੰਨ੍ਹੈ ਬਗੁਲਾ ਬੈਠਾ ਕੇਲ ਕਰੇ ॥ ਕੇਲ ਕਰੇਦੇ ਹੰਝ ਨੋ ਅਚਿੰਤੇ ਬਾਜ ਪਏ ॥

Farida Dariavay Kanhay Bagula Betha Kel Kare II Kel Karede Hanj No Achinte Baaj Paye II



# Rupinder Kaur Sekhon

MARCH 15, 1934 JULY 04, 2024

**PLEASE JOIN US FOR THE MEMORIAL SERVICE**
**THURSDAY JULY 11TH, 2024**
**AT 11.00 AM**
**BAKER POST FUNERAL HOME**
**10001 NOKESVILLE RD,**
**MANASSAS, VA 20110**

**FOLLOWED BY**

**SEHAJ PAATH BHOG**
**AT SINGH SABHA GURDWARA SAHIB**
**12001 BRADDOCK RD FAIRFAX, VA 22030**
**AT 2PM 4.00 PM**

Contact to share the grief with the family

**S.Inderjit Singh Sekhon (SON) 301 460 6889**

**S.Paramjit Singh Sekhon Dakha (SON) 510 774 5909**

**S.Gurminder Singh Ghuman (Son in Law) 571 224 5348**

# EXIT REALTY CONSULTANTS

150 W.Yosemite Ave.,Manteca ,CA ,95336



**ਵਪਾਰਕ, ਰਿਹਾਇਸ਼ੀ, ਉਦਯੋਗਿਕ, ਖੇਤੀਬਾੜੀਜ਼ਮੀਨਾਂ**

**(ਘਰ , ਖਾਲੀ ਜ਼ਮੀਨ ,ਫਾਰਮ ,ਸਟੇਸ਼ਨ )**

**ਵਾਜਬ ਰੇਟਾਂ ਤੇ ਵੇਚਣ ਜਾਂ ਖਰੀਦਣ ਲਈ**

**ਇਮਾਨਦਾਰ ਅਤੇ ਭਰੋਸੇਮੰਦ ਸੇਵਾਵਾਂ ਲਈ ਮਿਲੋ**

## Raman Bassi

Realtor DRE # 02162139



**ਵਧੇਰੇ ਜਾਣਕਾਰੀ ਲਈ ਕਾਲ ਕਰੋ**

**Cell : 510-432-8122**

**Office : 209-823-1234**

www.RamanBassi.EXITHOME.COM

RBassi@EXITHOME.com


IAPW
INTERNATIONAL ASSOCIATION of PUNJABI WOMEN
26TH ANNUAL
ONE N ONE ONLY
YUBA CITY
SHIPRA GOYAL
HARMANDEEP KAUR
GUEST APPEARANCE
SHIPRA GOYAL
TEEYAN DA Mela
TIME: 11AM TO 7PM
YUBA SUTTER FAIR GROUNDS
442 FRANKLIN AVEYUBA CITY, CA 95991
SEPT 1ST 2024
(SUNDAY BEFORE LABORDAY)
$10 MANDATORY RAFFLE ENTRY TICKET AT THE GATE
FOR PARTICIPATION, BOOTH BOOKINGS N SPONSORSHIP, PLEASE CONTACT
CALL : (530) 845-4800
JOT RANJIT KAUR (HOST)
PARM TAKHAR (HOST)
PINNU BRAR
MANINDER MAAN
NAVI GILL
HARDEEP BINNING
DALBIR RAI
JASWANT DHILLON
BAL K SINDAL
SANDEEP DEOL
MANDEEP KAUR
KEERAT TAKHAR
SUKHI JHUTTY
SITAL GORAYA
BAKHSHO VISLA
SHIVPREET BIHALA
NEETU HUNDAL
RAJINDER KAUR
( OWNER MEHFIL )


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ਸ਼ਹਿਰ ਦੇ ਵੱਖ-ਵੱਖ ਕਿੱਤਿਆਂ ਨਾਲ ਸੰਬੰਧਿਤ ਵਪਾਰੀਆਂ ਨਾਲ ਕੀਤੀ ਮੀਟਿੰਗ

ਜਲੰਧਰ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਨੂੰ ਜਲੰਧਰ ਸ਼ਹਿਰ ਦੇ ਵੱਖ-ਵੱਖ ਕਿੱਤਿਆਂ ਨਾਲ਼ ਸੰਬੰਧਿਤ ਛੋਟੇ ਦੁਕਾਨਦਾਰਾਂ ਅਤੇ ਵਪਾਰ ਮੰਡਲ ਨਾਲ਼ ਮੀਟਿੰਗ ਕਰਕੇ ਉਨ੍ਹਾਂ ਨਾਲ ਆਪਣੇ ਵਿਚਾਰ ਸਾਂਝੇ ਕੀਤਾ। ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਮਾਨ ਨੇ ਵਪਾਰੀਆਂ ਨਾਲ ਉਨ੍ਹਾਂ ਦੇ ਮੁੱਦਿਆਂ ਅਤੇ ਸਮੱਸਿਆਵਾਂ ਬਾਰੇ ਵੀ ਖੁੱਲ੍ਹ ਕੇ ਵਿਚਾਰ-ਚਰਚਾ ਕੀਤੀ। ਉਨ੍ਹਾਂ ਨੇ ਕਈ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਅਤੇ ਕੁਝ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ।ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ਦੇ ਵੱਖ-ਵੱਖ ਕਿੱਤਿਆਂ ਨਾਲ਼ ਸੰਬੰਧਿਤ ਛੋਟੇ ਦੁਕਾਨਦਾਰਾਂ ਅਤੇ ਵਪਾਰ ਮੰਡਲ ਨੂੰ ਜ਼ਿਮਨੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਸਾਥ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਮੋਹਿੰਦਰ ਭਗਤ ਨੂੰ ਭਾਰੀ ਬਹੁਮਤ ਨਾਲ ਆਪਣਾ ਵਿਧਾਇਕ ਚੁਣ ਕੇ ਵਿਧਾਨ ਸਭਾ ਵਿਚ ਭੇਜਣ, ਮੈਂ (ਮਾਨ) ਮੋਹਿੰਦਰ ਭਗਤ ਨੂੰ ਮੰਤਰੀ ਦਾ ਅਹੁਦਾ ਦੇਵਾਂਗਾ, ਤਾਂ ਜੋ ਮੋਹਿੰਦਰ ਭਗਤ ਜਲੰਧਰ ਮਾਣਨੇ ਦੇ ਲੋਕਾਂ ਨੂੰ ਪੇਸ਼ ਆ ਰਹੀਆਂ ਵੱਖ-ਵੱਖ ਸਮੱਸਿਆਵਾਂ ਦਾ ਪਹਿਲ ਦੇ ਆਧਾਰ ਉੱਤੇ ਹੱਲ ਕਰ ਸਕਣ। ਮੁੱਖ ਮੰਤਰੀ ਭਗਵੰਤ ਮਾਨ ਨੇ ਵਪਾਰੀਆਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਚੰਗੀ ਤਰ੍ਹਾਂ ਸੁਣਿਆ ਤੇ ਸਮਝਿਆ, ਨਾਲ਼ ਹੀ ਇਹ ਭਰੋਸਾ ਦਿਵਾਇਆ ਕਿ ਹੁਣ ਉਨ੍ਹਾਂ ਨੂੰ ਬਿਲਕੁਲ ਵੀ ਫ਼ਿਕਰ ਕਰਨ ਦੀ ਕੋਈ ਲੋੜ ਨਹੀਂ ਹੈ, ਕਿਉਂਕਿ ਹੁਣ ਪੰਜਾਬ ਵਿਚ ਲੋਕਾਂ ਦੀ ਆਪਣੀ ਸਰਕਾਰ (ਆਮ ਆਦਮੀ ਪਾਰਟੀ ਦੀ ਸਰਕਾਰ) ਹੈ। ਮਾਨ ਨੇ ਕਿਹਾ ਕਿ ਪੰਜਾਬ ਨੂੰ ਤਰੱਕੀ ਅਤੇ ਆਰਥਿਕ ਪੱਖੋਂ ਮਜ਼ਬੂਤ ਬਣਾਉਣ ਵਿੱਚ ਵਪਾਰ ਜਗਤ ਦਾ ਬਹੁਤ ਹੀ ਅਹਿਮ ਯੋਗਦਾਨ ਹੈ। ਉਦਯੋਗਾਂ ਦੇ ਵਿਕਾਸ ਨਾਲ ਹੀ ਬੇਰੁਜ਼ਗਾਰੀ ਦੀ ਸਮੱਸਿਆ ਨੂੰ ਖ਼ਤਮ ਕੀਤਾ ਜਾ ਸਕਦਾ ਹੈ। ਸੂਬੇ ਦਾ ਮਾਲੀਆ ਵੀ ਉਦਯੋਗ ਅਤੇ ਵਪਾਰ ਕਰਕੇ ਹੀ ਵਧ ਸਕਦਾ ਹੈ। ਮਾਨ ਨੇ ਕਿਹਾ ਕਿ ਵਪਾਰੀਆਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਅਸੀਂ ਪੂਰੀ ਤਰ੍ਹਾਂ ਨਾਲ ਵਚਨਬੱਧ ਹਾਂ। ਭਗਵੰਤ ਮਾਨ ਨੇ ਕਿਹਾ ਕਿ ਜਦੋਂ ਤੋਂ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਪੰਜਾਬ ਦੇ ਕਈ ਪ੍ਰਤਿਭਾਸ਼ਾਲੀ ਲੋਕ ਵਿਦੇਸ਼ਾਂ ਤੋਂ ਵਾਪਸ ਆਪਣੇ ਦੇਸ਼ ਪੰਜਾਬ ਆ ਗਏ ਹਨ ਅਤੇ ਇੱਥੇ ਨਵੇਂ ਕਿਸਮ ਦੇ ਕਾਰੋਬਾਰ ਸ਼ੁਰੂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚ ਕਾਰੋਬਾਰੀਆਂ ਤੋਂ ਹਿੱਸਾ ਮੰਗਿਆ ਜਾਂਦਾ ਸੀ, ਜਿਸ ਕਾਰਨ ਉਹ ਪੰਜਾਬ ਛੱਡ ਕੇ ਜਾਂ ਤਾਂ ਵਿਦੇਸ਼ ਜਾਂ ਦੂਜੇ ਸੂਬਿਆਂ ਵਿੱਚ ਚਲੇ ਜਾਂਦੇ ਸਨ, ਪਰੰਤੂ ਹੁਣ ਪੰਜਾਬ ਵਿਚ ਇਕ ਇਮਾਨਦਾਰ ਸਰਕਾਰ ਹੈ, ਜੋ ਵਪਾਰੀਆਂ ਨੂੰ ਹੋਰ ਵੀ ਮਜ਼ਬੂਤ ਬਣਾਉਣ ਲਈ ਠੋਸ ਕਦਮ ਚੁੱਕ ਰਹੀ ਹੈ।

# ਆਸਟ੍ਰੇਲੀਆ 'ਚ ਪੰਜਾਬੀ ਨੌਜਵਾਨ ਦੀ ਮੌਤ, ਮਾਪਿਆਂ ਦਾ ਇਕੱਲਾ ਪੁੱਤ ਸੀ, ਦੋ ਧੀਆਂ ਦਾ ਪਿਓ ਵੀ ਸੀ ਮ੍ਰਿਤਕ

ਅਜਨਾਲਾ
ਸਾਂਝੀ ਸੋਚ ਬਿਊਰੋ



ਜਿੱਥੇ ਪੰਜਾਬ ਦੇ ਨੌਜਵਾਨ ਵਿਦੇਸ਼ਾਂ ਚ ਜਾ ਕੇ ਆਪਣੇ ਪਰਿਵਾਰਿਕ ਮੈਂਬਰਾਂ ਤੋਂ ਦੂਰ ਰਹਿ ਕੇ ਤਿਲ ਤਿਲ ਮਰਦੇ ਹਨ, ਉਥੇ ਹੀ ਕਈ ਨੌਜਵਾਨ ਰੋਜੀ ਰੋਟੀ ਕਮਾਉਂਦੇ ਹੋਇਆ ਵੀ ਹਾਦਸੇ ਦਾ ਸ਼ਿਕਾਰ ਹੋ ਜਾਂਦੇ ਹਨ ਅਤੇ ਪਿੱਛੇ ਆਪਣੇ ਪਰਿਵਾਰ ਨੂੰ ਰੁਲਣ ਵਾਸਤੇ ਛੱਡ ਜਾਂਦੇ ਹਨ। ਇਸੇ ਤਰ੍ਹਾਂ ਦਾ ਹੀ ਮਾਮਲਾ ਸਾਹਮਣੇ ਆਇਆ ਹੈ ਅੰਮ੍ਰਿਤਸਰ ਦੇ ਅਜਨਾਲਾ ਦਾ ਜਿੱਥੇ ਕਿ ਇੱਕ ਨੌਜਵਾਨ ਜੋ ਕਿ ਆਪਣੇ ਸੁਨਹਿਰੇ ਭਵਿੱਖ ਵਾਸਤੇ ਅਤੇ ਆਪਣੀਆਂ ਦੋਵਾਂ ਧੀਆਂ ਦੇ ਉਜਵਲ ਭਵਿੱਖ ਵਾਸਤੇ ਵਿਦੇਸ਼ ਜਾ ਕੇ ਕੰਮ ਕਰ ਰਿਹਾ ਸੀ ਹਾਲਾਂਕਿ ਇਸ ਨੌਜਵਾਨ ਇੱਕ ਹਾਦਸੇ ਦੇ ਦੌਰਾਨ ਮੌਤ ਹੋਣ ਤੋਂ ਬਾਅਦ ਪਰਿਵਾਰ ਵਿੱਚ ਦੁੱਖ ਦਾ ਪਹਾੜ ਟੁੱਟ ਗਿਆ ਹੈ ਅਤੇ ਪਰਿਵਾਰ ਦਾ ਰੋ ਰੋ ਕੇ ਬੁਰਾ ਹਾਲ ਹੈ ਉੱਥੇ ਹੀ ਪਰਿਵਾਰ ਵੱਲੋਂ ਸਰਕਾਰ ਨੂੰ ਤੇ ਵਿਦੇਸ਼ ਚ ਬੈਠੇ ਹੋਏ ਐਨਆਰਆਈਜ਼ ਨੂੰ ਬੇਨਤੀ ਕੀਤੀ ਜਾ ਰਹੀ ਹੈ ਕਿ ਉਸਦੀ ਮ੍ਰਿਤਕ ਦੇਹ ਨੂੰ ਭਾਰਤ ਭੇਜਿਆ ਜਾਵੇ ਤਾਂ ਜੋ ਕਿ ਉਹ ਆਪਣੇ ਅੰਤਿਮ ਰਸਮਾਂ ਕਰ ਸਕਣ।

# ਹੁਣ ਦਸਤਾਵੇਜ਼ ਤਸਦੀਕ ਕਰਵਾਉਣ ਲਈ ਪਟਵਾਰੀ ਦੇ ਦਫ਼ਤਰ ਗੇੜੇ ਮਾਰਨ ਦੀ ਲੋੜ ਨਹੀਂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਚਨਬੱਧਤਾ ਅਨੁਸਾਰ ਸਰਕਾਰ ਵੱਲੋਂ ਨਾਗਰਿਕਾਂ (ਜੀ2ਸੀ) ਨੂੰ ਦਿੱਤੀਆਂ ਜਾਂਦੀਆਂ ਸੇਵਾਵਾਂ ਨੂੰ ਨਿਰਵਿਘਨ ਅਤੇ ਹੋਰ ਸੁਖਾਲਾ ਬਣਾਉਣ ਦੇ ਉਦੇਸ਼ ਨਾਲ ਇੱਕ ਅਹਿਮ ਕਦਮ ਚੁੱਕਦਿਆਂ ਸੂਬੇ ਦੇ ਪ੍ਰਸ਼ਾਸਨਿਕ ਸੁਧਾਰ ਵਿਭਾਗ (ਡੀ.ਜੀ.ਆਰ.) ਨੇ ਈ-ਗਵਰਨੈਂਸ ਪ੍ਰਣਾਲੀ ਵਿੱਚ ਪਟਵਾਰੀਆਂ ਨੂੰ ਸ਼ਾਮਲ ਕੀਤਾ ਹੈ, ਜਿਸ ਨਾਲ ਹੁਣ ਦਸਤਾਵੇਜ਼ ਵੈਰੀਫਿਕੇਸ਼ਨ ਸਬੰਧੀ ਜ਼ਿਆਦਾਤਰ ਸੇਵਾਵਾਂ ਦਾ ਲਾਭ ਲੋਕ ਘਰ ਬੈਠੇ ਲੈ ਸਕਣਗੇ। ਇਹ ਕਦਮ ਜਾਤੀ, ਰਿਹਾਇਸ਼, ਬੁਢਾਪਾ ਪੈਨਸ਼ਨ ਸਕੀਮ ਅਤੇ ਆਮਦਨ ਸਰਟੀਫ਼ਿਕੇਟ ਸਮੇਤ ਹੋਰ ਕਈ ਸਰਟੀਫ਼ਿਕੇਟਾਂ ਲਈ ਤਸਦੀਕ ਪ੍ਰਕਿਰਿਆ ਨੂੰ ਸੁਚਾਰੂ ਬਣਾਏਗਾ।ਅੱਜ ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਪੰਜਾਬ ਦੇ ਪ੍ਰਸ਼ਾਸਨਿਕ ਸੁਧਾਰ ਅਤੇ ਜਨ-ਸ਼ਿਕਾਇਤਾਂ ਬਾਰੇ ਮੰਤਰੀ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਆਨਲਾਈਨ ਵੈਰੀਫਿਕੇਸ਼ਨ ਲਈ ਸਾਰੇ ਪਟਵਾਰੀਆਂ ਦੀਆਂ ਲੌਗਇਨ ਆਈ.ਡੀਜ਼. ਬਣਾਈਆਂ ਗਈਆਂ ਹਨ।ਉਨਾਂ ਕਿਹਾ ਕਿ ਪਟਵਾਰੀਆਂ ਨੂੰ ਆਨਲਾਈਨ ਸਿਸਟਮ ਵਿੱਚ ਸ਼ਾਮਲ ਕਰਨ ਨਾਲ ਬਿਨੈਕਾਰਾਂ ਨੂੰ ਹੁਣ ਆਪਣੀ ਵੈਰੀਫਿਕੇਸ਼ਨ ਰਿਪੋਰਟਾਂ 'ਤੇ ਮੋਹਰ ਅਤੇ ਦਸਤਖ਼ਤ ਕਰਵਾਉਣ ਲਈ ਪਟਵਾਰੀ ਦੇ ਦਫ਼ਤਰ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ। ਉਨ੍ਹਾਂ ਦੱਸਿਆ ਕਿ ਇੱਕ ਵਾਰ ਬਿਨੈ-ਪੱਤਰ ਜਮ੍ਹਾਂ ਕਰਵਾਉਣ 'ਤੇ ਉਸ ਅਰਜ਼ੀ ਨੂੰ ਸਬੰਧਤ ਦਫ਼ਤਰ ਦੁਆਰਾ ਸਬੰਧਤ ਪਟਵਾਰੀ ਨੂੰ ਆਨਲਾਈਨ ਭੇਜਿਆ ਜਾਵੇਗਾ।

ਅਮਨ ਅਰੋੜਾ ਨੇ ਦੱਸਿਆ ਕਿ ਇਹ ਆਨਲਾਈਨ ਵੈਰੀਫਿਕੇਸ਼ਨ ਸਿਸਟਮ ਬੇਲੋੜੀ ਕਾਗਜ਼ੀ ਕਾਰਵਾਈ ਨੂੰ ਖ਼ਤਮ ਕਰਨ ਅਤੇ ਲੋੜੀਂਦੇ ਦਸਤਾਵੇਜ਼ਾਂ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਤੋਂ ਇਲਾਵਾ ਬਿਨੈਕਾਰਾਂ 'ਤੇ ਬੋਝ ਨੂੰ ਘਟਾਉਣ ਲਈ ਤਿਆਰ ਕੀਤਾ ਗਿਆ ਹੈ। ਡਿਜ਼ੀਟਲ ਤਕਨਾਲੋਜੀ ਨਾਲ ਪੰਜਾਬ ਸਰਕਾਰ ਆਪਣੇ ਨਾਗਰਿਕਾਂ ਨੂੰ ਵਧੇਰੇ ਕੁਸ਼ਲ, ਪਾਰਦਰਸ਼ੀ ਅਤੇ ਉਪਭੋਗਤਾ-ਅਨੁਕੂਲ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਬਿਨੈਕਾਰ ਹੁਣ ਲੋੜੀਂਦੇ ਸਰਟੀਫ਼ਿਕੇਟ ਪ੍ਰਾਪਤ ਕਰਨ ਲਈ ਆਪਣੀ ਵੈਰੀਫਿਕੇਸ਼ਨ ਆਨਲਾਈਨ ਕਰਵਾ ਸਕਦੇ ਹਨ ਅਤੇ ਇਹ ਪਹਿਲਕਦਮੀ ਸਰਕਾਰੀ ਸੇਵਾਵਾਂ ਦੀ ਡਿਜ਼ੀਟਾਈਜ਼ੇਸ਼ਨ ਅਤੇ ਨਾਗਰਿਕਾਂ ਦੇ ਅਨੁਭਵਾਂ ਨੂੰ ਹੋਰ ਬਿਹਤਰ ਬਣਾਉਣ ਦੀ ਦਿਸ਼ਾ ਵਿੱਚ ਬੇਹੱਦ ਅਹਿਮ ਕਦਮ ਹੈ।

# ਆਮ ਆਦਮੀ ਪਾਰਟੀ ਨੇ ਕਾਂਗਰਸ ਉਮੀਦਵਾਰ ਸੁਰਿੰਦਰ ਕੌਰ ਦੇ ਬੇਟੇ 'ਤੇ ਜ਼ਮੀਨ ਘੁਟਾਲੇ ਦੇ ਲਾਏ ਦੋਸ਼

ਜਲੰਧਰ
ਵਿਸ਼ੇਸ਼ ਪ੍ਰਤੀਨਿਧ



ਜਲੰਧਰ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ (ਆਪ) ਨੇ ਕਾਂਗਰਸ ਪਾਰਟੀ ਦੀ ਉਮੀਦਵਾਰ ਸੁਰਿੰਦਰ ਕੌਰ ਦੇ ਬੇਟੇ 'ਤੇ ਜ਼ਮੀਨ ਘੁਟਾਲੇ ਦਾ ਦੋਸ਼ ਲਗਾਇਆ ਹੈ। ਪਾਰਟੀ ਨੇ ਕਿਹਾ ਕਿ ਉਨਾਂ ਦੇ ਬੇਟੇ ਕਰਨ ਨੇ ਸੀਨੀਅਰ ਡਿਪਟੀ ਮੇਅਰ ਵਜੋਂ ਆਪਣੀ ਮਾਂ ਦੇ ਅਹੁਦੇ ਦੀ ਦੁਰਵਰਤੋਂ ਕੀਤੀ ਅਤੇ ਇਸ ਦਾ ਵਿੱਤੀ ਫਾਇਦਾ ਉਠਾਇਆ।

ਐਤਵਾਰ ਨੂੰ ਪ੍ਰੈੱਸ ਕਾਨਫਰੰਸ ਦੌਰਾਨ ਇਸ ਮਾਮਲੇ ਦਾ ਖੁਲਾਸਾ ਕਰਦਿਆਂ 'ਆਪ' ਆਗੂ ਪਵਨ ਕੁਮਾਰ ਟੀਨੂੰ ਨੇ ਦੱਸਿਆ ਕਿ ਦਿਓਲ ਨਗਰ ਵਿੱਚ ਕੋਕਾ ਕੋਲਾ ਕੰਪਨੀ ਦੀ 125 ਮਰਲੇ ਜ਼ਮੀਨ ਸੀ। ਪਹਿਲਾਂ ਉਸ ਜ਼ਮੀਨ 'ਤੇ ਕੋਕਾ ਕੋਲਾ ਡਿਪੂ ਸੀ। ਕੰਪਨੀ ਨੇ ਉਸ ਨੂੰ ਕਮਰਸ਼ੀਅਲ ਸ਼੍ਰੇਣੀ ਵਿੱਚ ਕਰਵਾਇਆ ਸੀ। ਜਦੋਂ ਸੁਰਿੰਦਰ ਕੌਰ ਸੀਨੀਅਰ ਡਿਪਟੀ ਮੇਅਰ ਸਨ ਤਾਂ ਉਨ੍ਹਾਂ ਦੇ ਪੁੱਤਰ ਕਰਨ ਨੇ ਉਹ ਜ਼ਮੀਨ ਕੋਕਾ ਕੋਲਾ ਕੰਪਨੀ ਤੋਂ ਖਰੀਦੀ ਸੀ। ਹੁਣ ਉਹ ਉਸ ਕਮਰਸ਼ੀਅਲ ਜ਼ਮੀਨ ਨੂੰ ਰਿਹਾਇਸ਼ੀ ਪਲਾਟ ਵਿੱਚ ਤਬਦੀਲ ਕਰਕੇ ਨਾਜਾਇਜ਼ ਤੌਰ 'ਤੇ ਵੇਚ ਰਿਹਾ ਹੈ। ਪ੍ਰੈਸ ਕਾਨਫਰੰਸ ਵਿੱਚ ਟੀਨੂੰ ਦੇ ਨਾਲ ਆਪ ਆਗੂ ਰਾਜਵਿੰਦਰ ਕੌਰ ਥਿਆੜਾ ਵੀ ਮੌਜੂਦ ਸਨ।

ਟੀਨੂੰ ਨੇ ਕਿਹਾ ਕਿ ਉਸ ਦੇ ਐਨਓਸੀ ਲਈ ਜਮ੍ਹਾਂ ਕਰਵਾਏ ਗਏ ਦਸਤਾਵੇਜ਼ ਵੀ ਜਾਅਲੀ ਹਨ। ਉਨ੍ਹਾਂ ਮੀਡੀਆ ਨੂੰ ਆਪਣੇ ਪੁੱਤਰ ਕਰਨ ਦੀ ਫੋਟੋ ਵਾਲੇ ਕੁਝ ਦਸਤਾਵੇਜ਼ ਵੀ ਦਿਖਾਏ ਅਤੇ ਕਿਹਾ ਕਿ ਇਹ ਅਹੁਦੇ ਦੀ ਦੁਰਵਰਤੋਂ ਅਤੇ ਭ੍ਰਿਸ਼ਟਾਚਾਰ ਦੀ ਜਿਉਂਦੀ ਜਾਗਦੀ ਮਿਸਾਲ ਹੈ।

ਉਨ੍ਹਾਂ ਕਿਹਾ ਕਿ ਪੂਰੇ ਜਲੰਧਰ ਸ਼ਹਿਰ ਵਿੱਚ ਸੀਵਰੇਜ ਦੀ ਸਮੱਸਿਆ ਹੈ ਪਰ ਸੁਰਿੰਦਰ ਕੌਰ ਨੇ ਸੀਨੀਅਰ ਡਿਪਟੀ ਮੇਅਰ ਹੁੰਦਿਆਂ ਨਿਗਮ ਦੀ ਮਨਜ਼ੂਰੀ ਤੋਂ ਬਿਨਾਂ ਉਸ ਜ਼ਮੀਨ ਨੂੰ ਸੀਵਰੇਜ ਸਿਸਟਮ ਨਾਲ ਜੋੜ ਦਿੱਤਾ ਕਿਉਂਕਿ ਉਨ੍ਹਾਂ ਦਾ ਮਕਸਦ ਸਿਰਫ਼ ਪੈਸਾ ਕਮਾਉਣਾ ਸੀ। ਉਨ੍ਹਾਂ ਕਿਹਾ ਕਿ ਜਦੋਂ ਡਿਪਟੀ ਮੇਅਰ ਹੁੰਦਿਆਂ ਸੁਰਿੰਦਰ ਕੌਰ ਨੇ ਇੰਨੀ ਧਾਂਦਲੀ ਕੀਤੀ ਸੀ ਤਾਂ ਸੋਚੋ ਕਿ ਉਹ ਵਿਧਾਇਕ ਬਣ ਕੇ ਕੀ ਕਰੇਗੀ! ਫਿਰ ਉਹ ਭ੍ਰਿਸ਼ਟਾਚਾਰ ਦੇ ਰਿਕਾਰਡ ਤੋੜ ਦੇਵੇਗੀ।

ਉਨ੍ਹਾਂ ਕਿਹਾ ਕਿ ਕਾਂਗਰਸੀ ਉਮੀਦਵਾਰ ਸੁਰਿੰਦਰ ਕੌਰ ਪੰਜ ਸਾਲ ਸੀਨੀਅਰ ਡਿਪਟੀ ਮੇਅਰ ਰਹੀ, ਪਰ ਆਮ ਲੋਕਾਂ ਲਈ ਕਦੇ ਹਾਜ਼ਰ ਨਹੀਂ ਹੋਈ। ਉਨਾਂ ਦਾ ਦਫਤਰ ਹਮੇਸ਼ਾ ਬੰਦ ਰਹਿੰਦਾ ਸੀ। ਉਨਾਂ ਦੇ ਇਲਾਕੇ ਵਿੱਚ ਗੰਦਾ ਪਾਣੀ ਖੜ੍ਹਾ ਹੈ ਕਿਉਂਕਿ ਉਹ ਉੱਥੇ ਟਿਊਬਵੈੱਲ ਵੀ ਨਹੀਂ ਲਗਵਾ ਸਕੀ। ਆਮ ਆਦਮੀ ਪਾਰਟੀ ਦੀ ਸਰਕਾਰ ਆਉਣ ਤੋਂ ਬਾਅਦ ਉਥੇ ਟਿਊਬਵੈੱਲ ਲਗਾਏ ਗਏ।

ਟੀਨੂੰ ਨੇ ਕਾਂਗਰਸ ਪਾਰਟੀ 'ਤੇ ਵੀ ਹਮਲਾ ਬੋਲਦਿਆਂ ਕਿਹਾ ਕਿ ਕਾਂਗਰਸੀ ਆਗੂ ਭ੍ਰਿਸ਼ਟਾਚਾਰ ਨੂੰ ਆਪਣਾ ਹੱਕ ਸਮਝਦੇ ਹਨ। ਜਦੋਂ ਵੀ ਉਨ੍ਹਾਂ ਨੂੰ ਸੱਤਾ ਮਿਲਦੀ ਹੈ, ਉਹ ਲੋਕਾਂ ਦੇ ਵਿਕਾਸ ਦੀ ਬਜਾਏ ਆਪਣੇ ਪਰਿਵਾਰ ਦੀ ਤਰੱਕੀ ਲਈ ਹੀ ਕੰਮ ਕਰਦੇ ਹਨ।

ਕਾਂਗਰਸ ਪਾਰਟੀ ਉਹ ਪਾਰਟੀ ਹੈ ਜੋ ਪੂਰੇ ਦੇਸ਼ ਨੂੰ ਭ੍ਰਿਸ਼ਟਾਚਾਰ ਵੱਲ ਧੱਕ ਰਹੀ ਹੈ।ਪਵਨ ਟੀਨੂੰ ਨੇ ਪੰਜਾਬ ਸਰਕਾਰ ਤੋਂ ਇਸ ਮਾਮਲੇ ਦੀ ਵਿਜੀਲੈਂਸ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ। ਉਨ੍ਹਾਂ ਲੋਕਾਂ ਨੂੰ ਉਪ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਸਾਥ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਜਲੰਧਰ ਦਾ ਵਿਕਾਸ ਉਦੋਂ ਹੀ ਹੋ ਸਕਦਾ ਹੈ ਜਦੋਂ ਇਮਾਨਦਾਰ ਲੋਕ ਵਿਧਾਇਕ ਅਤੇ ਮੰਤਰੀ ਬਣਨ। ਇਸ ਲਈ ਭ੍ਰਿਸ਼ਟ ਆਗੂਆਂ ਨੂੰ ਵੋਟਾਂ ਰਾਹੀਂ ਜਵਾਬ ਦਿਓ ਅਤੇ ਇਮਾਨਦਾਰ ਲੋਕਾਂ ਨੂੰ ਆਪਣਾ ਨੁਮਾਇੰਦਾ ਚੁਣੋ।

# ਜਾਨਵਰਾਂ ਤੋਂ ਮਨੁੱਖਾਂ ਵਿੱਚ ਫੈਲਣ ਵਾਲੇ ਜ਼ੂਨੋਟਿਕ ਰੋਗਾਂ ਪ੍ਰਤੀ ਜਾਗਰੂਕਤਾ ਜ਼ਰੂਰੀ- ਡਾ. ਕਰਮਜੀਤ ਸਿੰਘ

ਕੌਹਰੀਆਂ
ਵਿਸ਼ੇਸ਼ ਪ੍ਰਤੀਨਿਧ

ਸਿਵਲ ਸਰਜਨ ਡਾ. ਕਿਰਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸੀਨੀਅਰ ਮੈਡੀਕਲ ਅਫਸਰ ਪੀ ਐਚ ਸੀ ਕੌਹਰੀਆਂ ਡਾ. ਕਰਮਜੀਤ ਸਿੰਘ ਐਕਸ ਪੀ ਸੀ ਐੱਸ ਦੀ ਅਗਵਾਈ ਵਿੱਚ ਵਿਸ਼ਵ ਜ਼ੂਨੋਸਿਸ ਦਿਵਸ ਮਨਾਇਆ ਗਿਆ।ਡਾ. ਕਰਮਜੀਤ ਸਿੰਘ ਨੇ ਦੱਸਿਆ ਕਿ ਜਾਨਵਰਾਂ ਤੋਂ ਮੱਨੁਖਾਂ ਵਿੱਚ ਫੈਲਣ ਵਾਲੇ ਜ਼ੂਨੋਟਿਕ ਰੋਗਾਂ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਇਹ ਜ਼ੂਨੋਟਿਕ ਰੋਗ ਵਾਇਰਸ, ਬੈਕਟੀਰਿਆ, ਪਰਜੀਵੀ ਅਤੇ ਮੱਛਰਾਂ ਨਾਲ ਫੈਲਦਾ ਹੈ। ਇਬੋਲਾ,ਸਵਾਈਨ ਫਲੂ, ਏਨਸੇਫਲਾਇਟਿਸ, ਸਕ੍ਰਬ ਟਾਇਫਸ ਅਤੇ ਰੈਬੀਜ਼ ਇਨ੍ਹਾਂ ਜ਼ੂਨੋਟਿਕ ਰੋਗਾਂ ਦੇ ਕੁੱਝ ਉਦਾਹਰਨ ਹਨ। ਉਨ੍ਹਾਂ ਦੱਸਿਆ ਕਿ ਜ਼ੂਨੋਟਿਕ ਰੋਗਾਂ ਦੇ ਵੱਖ-ਵੱਖ ਲੱਛਣ ਹਨ ਜਿਵੇਂ ਸਕਰਬ ਟਾਇਫ਼ਸ ਦੇ ਲੱਛਣ ਤੇਜ ਬੁਖਾਰ, ਸਿਰ ਤੇ ਜੋੜਾਂ ਵਿੱਚ ਦਰਦ, ਕੰਬਣੀ ਛਿੜਨਾ,ਸਰੀਰ ਦੇ ਜੋੜਾਂ ਵਾਲੇ ਅੰਗਾ ਹੇਠ ਗਿਲਟੀਆਂ ਹੋਣਾ ਆਦਿ ਹਨ। ਜਾਨਵਰਾਂ ਤੋਂ ਫੈਲਣ ਵਾਲੇ ਜ਼ੂਨੋਟਿਕ ਰੋਗਾਂ ਤੋਂ ਬਚਾਅ ਲਈ ਜਾਨਵਰਾਂ ਨੂੰ ਛੂਹਣ ਜਾਂ ਉਨ੍ਹਾਂ ਨਾਲ ਖੇਡਣ ਤੋਂ ਬਾਅਦ ਆਪਣੇ ਹੱਥ ਸਾਬਨ ਅਤੇ ਪਾਣੀ ਨਾਲ ਚੰਗੀ ਤਰ੍ਹਾਂ ਧੋਣੇ ਚਾਹੀਦੇ ਹਨ। ਜਾਨਵਰਾਂ ਦੇ ਉੱਠਣ-ਬੈਠਣ, ਖਾਣ-ਪੀਣ ਅਤੇ ਮਲ-ਮੂਤਰ ਕਰਨ ਵਾਲੀ ਥਾਂ ਦੀ ਸਫਾਈ ਦਾ ਖਾਸ ਖਿਆਲ ਰੱਖੋ ਅਤੇ ਘਰੇਲੂ ਜਾਨਵਰਾਂ ਨੂੰ ਸਮੇਂ-ਸਮੇਂ ਸਿਰ ਵੈਕਸੀਨ ਵੀ ਲਗਵਾਉਂਦੇ ਰਹੋ। ਇਸ ਤੋਂ ਇਲਾਵਾ ਭੀੜ-ਭਾੜ ਵਾਲੀਆਂ ਥਾਵਾਂ 'ਤੇ ਜਾਣ ਵੇਲੇ ਆਪਣਾ ਮੂੰਹ ਢੱਕ ਕੇ ਰੱਖੋ ਅਤੇ ਆਪਣੇ ਹੱਥਾਂ ਦੀ ਨਿਯਮਤ ਸਫਾਈ ਕਰਦੇ ਰਹੋ।ਬਲਾਕ ਐਜੂਕੇਟਰ ਨਰਿੰਦਰ ਪਾਲ ਸਿੰਘ ਨੇ ਦੱਸਿਆ ਗਿਆ ਕਿ ਵਿਸ਼ਵ ਸਿਹਤ ਸੰਗਠਨ ਦੇ ਮੁਤਾਬਿਕ ਵਿਸ਼ਵ ਪੱਧਰ 'ਤੇ ਇਸ ਬਿਮਾਰੀ ਦੇ ਕਰੀਬ ਇਕ ਬਿਲੀਅਨ ਮਾਮਲੇ ਹਰ ਸਾਲ ਸਾਹਮਣੇ ਆਉਂਦੇ ਹਨ ਅਤੇ ਲੱਖਾਂ ਮੌਤਾਂ ਵੀ ਹਰ ਸਾਲ ਇਸ ਬਿਮਾਰੀ ਨਾਲ ਹੋ ਜਾਂਦੀਆਂ ਹਨ। ਇਸ ਲਈ ਇਨ੍ਹਾਂ ਬਿਮਾਰੀਆਂ ਤੋਂ ਬਚਾਅ ਲਈ ਸਾਨੂੰ ਸਚੇਤ ਰਹਿਣਾ ਚਾਹੀਦਾ ਹੈ ਅਤੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾਂਦੀਆਂ ਸੁਵਿਧਾਵਾਂ ਦਾ ਫਾਇਦਾ ਲੈਣਾ ਚਾਹੀਦਾ ਹੈ। ਜ਼ੂਨੋਟਿਕ ਰੋਗਾਂ ਤੋਂ ਬਚਾਅ ਲਈ ਜਾਗਰੂਕ ਕਰਦੇ ਹੋਏ ਉਨ੍ਹਾਂ ਦੱਸਿਆ ਕਿ ਜੇਕਰ ਘਰਾਂ ਵਿੱਚ ਕੋਈ ਜਾਨਵਰ ਹੋਵੇ ਤਾਂ ਸਫਾਈ ਦਾ ਖਾਸ ਖਿਆਲ ਰੱਖਣ ਦੀ ਜ਼ਰੂਰਤ ਹੈ। ਕੁੱਤੇ ਦੇ ਵੱਢਣ ਨੂੰ ਅਣਦੇਖਾ ਨਾ ਕਰੋ ਕਿਉਂਕਿ ਇਹ ਜਾਨਲੇਵਾ ਹੋ ਸਕਦਾ ਹੈ। ਰੈਬੀਜ਼ ਸੌ ਫੀਸਦ ਘਾਤਕ ਰੋਗ ਹੈ ਪਰ ਇਸ ਤੋਂ ਆਸਾਨੀ ਨਾਲ ਬਚਾਅ ਕੀਤਾ ਜਾ ਸਕਦਾ ਹੈ। ਰੈਬੀਜ਼ ਤੋਂ ਬਚਾਅ ਲਈ ਕੁੱਤੇ ਵਲੋਂ ਕੱਟੇ ਜਾਣ ਦੀ ਹਾਲਤ ਵਿੱਚ ਜ਼ਖ਼ਮ ਨੂੰ ਚਲਦੇ ਨਲਕੇ ਜਾਂ ਟੂਟੀ ਦੇ ਪਾਣੀ ਅਤੇ ਸਾਬਣ ਨਾਲ ਧੋ ਲੈਣਾ ਚਾਹੀਦਾ ਹੈ।

Gillson
TRUCKING INC



# NOW Hiring
# Truck Drivers
# Class A CDL

- Signing Bonus
- Top pay
- Mileage Pay
- Great Benefits
- Over the Road or Local Routes
- Reefers and Dry Van Operations
- No touch freight

## Skills:

- Responsible truck driver.
- Experience with electronic equipment.
- Ability to travel regularly.
- Adaptivity and foresight to handle unexpected situations (traffic, weather conditions and roads, etc.)

## Responsibilities:

- Safely operating assigned vehicles.
- The Vehicles are maintained and serviced as needed.
- Report any vehicle defects for repair.
- Make safety a priority at all times.
- Comply with standard federal laws and with company. policies and procedures.

## Pay:

- Between **$80,000.00 - $120,000.00** per year
- Average pay: **$0.50- $0.60** cents/mile
- Weekly direct deposits
- Bonuses for clean inspections
- High mileage bonuses

## Newer Equipment:

Freightliner and Volvo 2020 and present
Reset pay away from Terminals- Stockton, CA and Dayton, Ohio

- Flexible Home Time
- Pet Friendly
- Rider Policy

## Health Benefits:

Health | Dental | Vision



## Where to Apply

It's on our website the link under apply now. Please copy it here and then we would to have all.

**Apply Here:**

https://intelliapp.driverapponline.com/c/gillson?uri_b=ia_gillson_2058382794

## Contact:

1801 E Dr. Martin Luther King Jr. Blvd, Stockton, CA 95205
925-400-9094 | ext.116, ext.130 and ext.144
info@teamgillson.com

## Get in Touch:

- gillsontrucking
- gillsontrucking
- company/gillsontrucking
- www.teamgillson.com

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

WE HAVE THE CHEAPEST FARES TO INDIA

# LEGEND TRAVEL

arc accredited agency

CST # 207524-40

Special Fares To India From West-coast (us) On Air India Direct Flights



JATINDER SINGH




LOWEST AIRFARES FROM USA TO INDIA

★Travel Insurance ★ Great last Minute Deals★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA


AAA
TRUCK WASH
ਕੈਲੀਫੋਰਨੀਆ ਦੀ ਕਿਸੇ ਵੀ ਲੋਕੇਸ਼ਨ ਤੇ ਜਾਓ
ਟਰੱਕ ਅਤੇ ਟ੍ਰੇਲਰ ਚਮਕਾਓ ਸਸਤੇ ਅਤੇ ਵਾਜਬ ਰੇਟਾਂ ਉੱਤੇ
Our Locations :-
Delhi | Merced | Madera | Santa Nella
Tracy | San Fransisco | Corning
Old Truck Stop Gemco Ripon Next to Flying J, Santos Ave ਦੇ ਉੱਤੇ
Truck Wash
WASH TRUCK
Find nearest Location & Hours
Call at 1800-405-9274 or visit our website for
credit application to open credit account with our company
ਸਾਡੀਆਂ ਰਿਪਨ ਵਾਲੀਆਂ ਲੋਕੇਸ਼ਨਾਂ ਤੇ ਅਸੀਂ ਟੈਂਕਰ ਜੋ ਕੇ food Grade ਹਨ
ਉਹਨਾਂ ਨੂੰ ਅੰਦਰੋਂ ਧੋਂਦੇ ਹਾਂ ਅਤੇ Certified ਕਰਦੇ ਅਤੇ ਕੋਸ਼ਰ ਵਾਸ਼ ਵੀ ਕਰਦੇ ਹਾਂ
Tire Shop, Repair Shop, Oil & Lube Shop available on our locations
Website:- www.aaatruckwash.com

# ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ਪੱਛਮੀ ਵਿਧਾਨ ਸਭਾ ਵਿੱਚ ਕੀਤੀਆਂ ਚਾਰ ਜਨਸਭਾਵਾਂ, ਲੋਕਾਂ ਨੂੰ 'ਆਪ' ਉਮੀਦਵਾਰ ਨੂੰ ਜਿਤਾਉਣ ਦੀ ਕੀਤੀ ਅਪੀਲ

ਜਲੰਧਰ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਮਾਨ ਨੇ ਐਤਵਾਰ ਨੂੰ ਜਲੰਧਰ ਪੱਛਮੀ ਵਿਧਾਨ ਸਭਾ ਉਪ ਚੋਣ ਵਿੱਚ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਮੋਹਿੰਦਰ ਭਗਤ ਲਈ ਚੋਣ ਪ੍ਰਚਾਰ ਕੀਤਾ। ਮਾਨ ਨੇ ਇੱਥੇ ਇੱਕ ਤੋਂ ਬਾਅਦ ਇੱਕ ਚਾਰ ਜਨਸਭਾਵਾਂ ਨੂੰ ਸੰਬੋਧਨ ਕੀਤਾ ਅਤੇ ਲੋਕਾਂ ਨੂੰ 'ਆਪ' ਉਮੀਦਵਾਰ ਮੋਹਿੰਦਰ ਭਗਤ ਨੂੰ ਜਿਤਾਉਣ ਦੀ ਅਪੀਲ ਕੀਤੀ।

ਜਲੰਧਰ ਪੱਛਮੀ ਵਿਧਾਨ ਸਭਾ ਅਧੀਨ ਪੈਂਦੇ ਵਾਰਡ ਨੰਬਰ 32, 37, 47 ਅਤੇ ਵਾਰਡ ਨੰਬਰ 77 ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਮੋਹਿੰਦਰ ਭਗਤ ਦੇ ਨਾਲ ਮੁੱਖ ਮੰਤਰੀ ਭਗਵੰਤ ਮਾਨ ਨੇ ਜਨ ਸਭਾਵਾਂ ਕੀਤੀ ਅਤੇ ਲੋਕਾਂ ਨੂੰ ਸੰਬੋਧਨ ਕੀਤਾ। ਇਸ ਜਨ ਸਭਾ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਜਰਨੈਲ ਸਿੰਘ ਅਤੇ ਵਿਧਾਇਕ ਬਲਜਿੰਦਰ ਕੌਰ ਅਤੇ ਹੋਰ ਕਈ ਵਿਧਾਇਕ, ਚੇਅਰਮੈਨ ਅਤੇ ਅਹੁਦੇਦਾਰ ਹਾਜ਼ਰ ਸਨ।

ਲੋਕਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਵਾਅਦਾ ਕੀਤਾ ਅਤੇ ਕਿਹਾ ਕਿ ਸਾਡੇ ਉਮੀਦਵਾਰ ਨੂੰ ਜਿਤਾਓ, ਮੋਹਿੰਦਰ ਭਗਤ ਜੋ ਵੀ ਮੰਗਾਂ ਮੇਰੇ ਕੋਲ ਲੈ ਕੇ ਆਉਣਗੇ, ਮੈਂ ਉਨ੍ਹਾਂ 'ਤੇ ਦਸਤਖ਼ਤ ਕਰਕੇ ਪਾਸ ਕਰਾਂਗਾ। ਉਨ੍ਹਾਂ ਕਿਹਾ ਕਿ ਤੁਸੀਂ ਮੋਹਿੰਦਰ ਭਗਤ ਨੂੰ ਜੇਤੂ ਬਣਾ ਕੇ ਵਿਧਾਨ ਸਭਾ ਦੀ ਪੌੜੀ ਚੜ੍ਹਾਓ, ਮੈਂ ਉਨ੍ਹਾਂ ਨੂੰ ਅਗਲੀ ਪੌੜੀ ਚੜ੍ਹਾਵਾਂਗਾ। ਮਾਨ ਦਾ ਇਸ਼ਾਰਾ ਭਗਤ ਨੂੰ ਮੰਤਰੀ ਬਣਾਉਣ ਵੱਲ ਸੀ।

ਮਾਨ ਨੇ ਕਿਹਾ ਕਿ ਇਸ ਚੋਣ ਵਿਚ ਇਕ ਚੰਗੀ ਗੱਲ ਇਹ ਹੋਈ ਕਿ ਜਲੰਧਰ ਵਿਚ ਦਫ਼ਤਰ ਖੋਲ੍ਹਣ ਦੀ ਮੇਰੀ ਇੱਛਾ ਪੂਰੀ ਹੋ ਗਈ। ਮੈਂ ਦੋਆਬਾ ਅਤੇ ਮਾਝਾ ਖੇਤਰ ਦੇ ਲੋਕਾਂ ਦੇ ਕੰਮਾਂ ਲਈ ਜਲੰਧਰ ਵਿਚ ਕਿਰਾਏ 'ਤੇ ਮਕਾਨ ਲੈ ਕੇ ਆਪਣਾ ਦਫ਼ਤਰ ਖੋਲ੍ਹਿਆ ਹੈ। ਹੁਣ ਲੋਕਾਂ ਨੂੰ ਆਪਣੇ ਕੰਮ ਕਰਵਾਉਣ ਲਈ ਚੰਡੀਗੜ੍ਹ ਨਹੀਂ ਜਾਣਾ ਪਵੇਗਾ। ਸਰਕਾਰ ਖ਼ੁਦ ਤੁਹਾਡੇ ਬੂਹੇ 'ਤੇ ਹੈ। ਮਾਨ ਨੇ ਕਿਹਾ ਕਿ ਉਹ ਚੋਣਾਂ ਤੋਂ ਬਾਅਦ ਵੀ ਇਹ ਰਿਹਾਇਸ਼ ਆਪਣੇ ਕੋਲ ਰੱਖਣਗੇ ਅਤੇ ਹਫ਼ਤੇ ਵਿੱਚ ਘੱਟੋ-ਘੱਟ ਦੋ ਦਿਨ ਇੱਥੇ ਲੋਕਾਂ ਨੂੰ ਮਿਲਣਗੇ। ਮਾਨ ਨੇ ਕਿਹਾ ਕਿ ਮੈਂ ਲੋਕਾਂ ਦੀ ਮਜਬੂਰੀ ਨੂੰ ਉਨ੍ਹਾਂ ਦੀ ਇੱਛਾ ਵਿਚ ਬਦਲਣਾ ਚਾਹੁੰਦਾ ਹਾਂ। ਅੱਜ ਲੋਕ ਪੜ੍ਹਾਈ ਲਈ ਪ੍ਰਾਈਵੇਟ ਸਕੂਲਾਂ ਅਤੇ ਇਲਾਜ ਲਈ ਪ੍ਰਾਈਵੇਟ ਹਸਪਤਾਲਾਂ ਵਿੱਚ ਜਾਣ ਲਈ ਮਜਬੂਰ ਹਨ। ਪਰ ਮੈਂ ਪੰਜਾਬ ਦੇ ਲੋਕਾਂ ਦੀ ਇਸ ਬੇਵਸੀ ਨੂੰ ਦੂਰ ਕਰਨ ਲਈ ਕੰਮ ਕਰ ਰਿਹਾ ਹਾਂ। ਅਸੀਂ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਉੱਘੇ ਸਕੂਲਾਂ ਵਿੱਚ ਬਦਲ ਰਹੇ ਹਾਂ ਜਿੱਥੇ ਗ਼ਰੀਬਾਂ ਦੇ ਬੱਚੇ ਵਿਸ਼ਵ ਪੱਧਰੀ ਸਿੱਖਿਆ ਪ੍ਰਾਪਤ ਕਰਨਗੇ। ਇਸੇ ਤਰ੍ਹਾਂ ਅਸੀਂ ਵੱਖ-ਵੱਖ ਥਾਵਾਂ 'ਤੇ ਮੁਹੱਲਾ ਕਲੀਨਿਕ ਖੋਲ੍ਹ ਰਹੇ ਹਾਂ ਅਤੇ ਸਰਕਾਰੀ ਹਸਪਤਾਲਾਂ ਵਿੱਚ ਸੁਧਾਰ ਕਰ ਰਹੇ ਹਾਂ, ਤਾਂ ਜੋ ਲੋਕਾਂ ਦਾ ਵਧੀਆ ਅਤੇ ਮੁਫ਼ਤ ਇਲਾਜ ਹੋ ਸਕੇ। ਜਲਦੀ ਹੀ ਇਹ ਲੋਕਾਂ ਦੀ ਪਸੰਦ ਹੋਵੇਗੀ ਕਿ ਉਹ ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਵਿੱਚ ਜਾਣਾ ਚਾਹੁੰਦੇ ਹਨ ਜਾਂ ਪ੍ਰਾਈਵੇਟ।

ਜਨ ਸਭਾ ਵਿੱਚ ਆਈਆਂ ਔਰਤਾਂ ਨੂੰ ਦੇਖਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਿਆਸਤ ਵਿੱਚ ਤੁਹਾਡੀ ਜਾਗਰੂਕਤਾ



ਬਹੁਤ ਖ਼ੁਸ਼ੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਇੱਕ ਪਰਿਵਾਰ ਤੁਹਾਡੇ ਬਿਨਾਂ ਸਹੀ ਢੰਗ ਨਾਲ ਨਹੀਂ ਚੱਲ ਸਕਦਾ, ਉਸੇ ਤਰ੍ਹਾਂ ਦੇਸ਼ ਵੀ ਤੁਹਾਡੀ ਸ਼ਮੂਲੀਅਤ ਤੋਂ ਬਿਨਾਂ ਸਹੀ ਢੰਗ ਨਾਲ ਨਹੀਂ ਚੱਲ ਸਕਦਾ। ਇਸ ਲਈ ਰਾਜਨੀਤੀ ਤੋਂ ਦੂਰ ਨਾ ਭੱਜੋ, ਸਗੋਂ ਇਸ ਵਿੱਚ ਸਰਗਰਮੀ ਨਾਲ ਹਿੱਸਾ ਲਓ।ਮਾਨ ਨੇ ਕਾਂਗਰਸ ਪਾਰਟੀ ਅਤੇ ਆਪ ਦੀ ਉਮੀਦਵਾਰ ਸੁਰਿੰਦਰ ਕੌਰ 'ਤੇ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਜੇਕਰ ਉਹ ਜਲੰਧਰ ਦੇ ਡਿਪਟੀ ਮੇਅਰ ਹੁੰਦਿਆਂ ਆਪਣੇ ਵਾਰਡ ਦੇ ਕੰਮ ਨਹੀਂ ਕਰਵਾ ਸਕੀ ਤਾਂ ਇੰਨੇ ਵੱਡੇ ਵਿਧਾਨ ਸਭਾ ਹਲਕੇ ਦੇ ਕੰਮ ਕਿਵੇਂ ਕਰਵਾਉਣਗੇ। ਮਾਨ ਨੇ ਕਿਹਾ ਕਿ ਗਲੀਆਂ, ਨਾਲੀਆਂ ਅਤੇ ਸੀਵਰੇਜ ਸਿਸਟਮ ਆਦਿ ਦਾ ਕੰਮ ਨਗਰ ਨਿਗਮ ਅਧੀਨ ਆਉਂਦਾ ਹੈ। ਜਲੰਧਰ ਨਗਰ ਨਿਗਮ ਵਿੱਚ ਇਸ ਵੇਲੇ ਕਾਂਗਰਸ ਦਾ ਮੇਅਰ ਹੈ, ਉਸ ਨੇ ਇਸ ਲਈ ਕੁਝ ਨਹੀਂ ਕੀਤਾ। ਉਨ੍ਹਾਂ ਸੀਵਰੇਜ ਦੇ ਢੱਕਣ ਵੀ ਨਹੀਂ ਬਦਲੇ। ਉਨ੍ਹਾਂ ਕਿਹਾ ਕਿ ਜੋ ਆਪਣੇ ਵਾਰਡ ਦੇ ਕੰਮ ਨਹੀਂ ਕਰਵਾ ਸਕਿਆ ਉਹ ਸਾਰੀ ਵਿਧਾਨ ਸਭਾ ਦੇ ਕੰਮ ਕਿਵੇਂ ਕਰਵਾਏਗਾ।

ਉਨ੍ਹਾਂ ਕਿਹਾ ਕਿ ਕਾਂਗਰਸ ਨੂੰ ਵੋਟ ਪਾਉਣ ਦਾ ਮਤਲਬ ਆਪਣੀ ਵੋਟ ਬਰਬਾਦ ਕਰਨਾ ਹੈ ਕਿਉਂਕਿ ਇਸ ਚੋਣ ਵਿੱਚ ਜਿੱਤ ਜਾਂ ਹਾਰ ਨਾਲ ਸਰਕਾਰ ਨੂੰ ਕੋਈ ਫਰਕ ਨਹੀਂ ਪਵੇਗਾ ਪਰ ਜੇਕਰ ਆਮ ਆਦਮੀ ਪਾਰਟੀ ਦਾ ਉਮੀਦਵਾਰ ਜਿੱਤਦਾ ਹੈ ਤਾਂ ਤੁਹਾਡੀ ਸਰਕਾਰ ਵਿੱਚ ਹਿੱਸੇਦਾਰੀ ਹੋਵੇਗੀ ਅਤੇ ਇਸ ਇਲਾਕੇ ਦੇ ਕੰਮ ਹੋਰ ਵੀ ਤੇਜ਼ੀ ਨਾਲ ਹੋਣਗੇ। ਗਲੀਆਂ, ਨਾਲੀਆਂ, ਸੜਕਾਂ, ਸੀਵਰੇਜ, ਬਿਜਲੀ, ਸਟਰੀਟ ਲਾਈਟਾਂ ਸਮੇਤ ਜੋ ਵੀ ਬੁਨਿਆਦੀ ਸਮੱਸਿਆਵਾਂ ਹਨ, ਮੋਹਿੰਦਰ ਭਗਤ ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਗੇ। ਮਾਨ ਨੇ ਕਿਹਾ ਕਿ ਸਾਡੇ ਉਮੀਦਵਾਰ ਮੋਹਿੰਦਰ ਭਗਤ ਬਹੁਤ ਹੀ ਇਮਾਨਦਾਰ ਅਤੇ ਸੰਜੀਦਾ ਵਿਅਕਤੀ ਹਨ। ਉਨ੍ਹਾਂ ਦੇ ਨਾਮ ਵਿਚ ਵੀ ਭਗਤ ਹੈ ਅਤੇ ਵਿਵਹਾਰ ਵਿਚ ਵੀ ਭਗਤ ਹਨ।

ਮਾਨ ਨੇ ਭਾਜਪਾ ਉਮੀਦਵਾਰ ਸ਼ੀਤਲ ਅੰਗੁਰਾਲ 'ਤੇ ਵੀ ਹਮਲਾ ਬੋਲਦਿਆਂ ਕਿਹਾ ਕਿ ਉਨ੍ਹਾਂ ਨੇ ਇੱਥੋਂ ਦੇ ਲੋਕਾਂ ਨਾਲ ਧੋਖਾ ਕੀਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਆਮ ਆਦਮੀ ਪਾਰਟੀ 'ਚ ਰਹਿੰਦਿਆਂ ਦੋ ਨੰਬਰ ਦੇ ਕੰਮ ਕਰਨ 'ਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ, ਇਸ ਲਈ ਉਹ ਭਾਜਪਾ 'ਚ ਸ਼ਾਮਲ ਹੋਏ ਕਿਉਂਕਿ ਭਾਜਪਾ ਹੀ ਭ੍ਰਿਸ਼ਟਾਂ ਦੀ ਪਹਿਲੀ ਪਸੰਦ ਹੈ। ਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਚੋਣ ਵਿੱਚ ਉਨ੍ਹਾਂ ਨੂੰ ਅਜਿਹਾ ਸਬਕ ਸਿਖਾਉਣ ਕਿ ਕੋਈ ਵੀ ਵਿਧਾਇਕ ਦੁਬਾਰਾ ਇਸ ਤਰ੍ਹਾਂ ਅਸਤੀਫ਼ਾ ਦੇਣ ਦੀ ਹਿੰਮਤ ਨਾ ਕਰੇ।

ਮਾਨ ਨੇ ਅਕਾਲੀ ਦਲ ਦੇ ਮੁਖੀ ਸੁਖਬੀਰ ਬਾਦਲ 'ਤੇ ਵੀ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਅਕਾਲੀ ਦਲ ਬਾਦਲ ਦੀ ਹਾਲਤ ਇੰਨੀ ਮਾੜੀ ਹੋ ਗਈ ਹੈ ਕਿ ਸੁਖਬੀਰ ਬਾਦਲ ਆਪਣੇ ਉਮੀਦਵਾਰ ਤੋਂ ਸਮਰਥਨ ਵਾਪਸ ਲੈ ਕੇ ਲੋਕਾਂ ਨੂੰ ਬਹੁਜਨ ਸਮਾਜ ਪਾਰਟੀ ਨੂੰ ਵੋਟ ਪਾਉਣ ਲਈ ਕਹਿ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਕਾਲੀ ਦਲ ਜ਼ੀਰੋ 'ਤੇ ਪਹੁੰਚ ਗਿਆ ਹੈ।

ਮਾਨ ਨੇ ਕਿਹਾ ਕਿ ਭ੍ਰਿਸ਼ਟਾਚਾਰ ਵਿਰੁੱਧ ਸਾਡੀ ਕਾਰਵਾਈ ਵਿਰੋਧੀ ਪਾਰਟੀਆਂ ਦੇ ਆਗੂਆਂ ਨੂੰ ਭਾਰੀ ਪ੍ਰੇਸ਼ਾਨੀ ਦਾ ਕਾਰਨ ਬਣ ਰਹੀ ਹੈ, ਇਸ ਲਈ ਤਿੰਨਾਂ ਪਾਰਟੀਆਂ ਅਕਾਲੀ ਦਲ, ਭਾਜਪਾ ਅਤੇ ਕਾਂਗਰਸ ਮੈਨੂੰ ਹਰਾਉਣ ਲਈ ਇਕੱਠੇ ਹੋਏ ਹਨ ਕਿਉਂਕਿ ਤਿੰਨਾਂ ਨੇ ਮਿਲ ਕੇ ਪੰਜਾਬ ਨੂੰ ਲੁੱਟਿਆ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਤਿੰਨੇ ਪਾਰਟੀਆਂ ਆਪਸ ਵਿਚ ਸਮਝੌਤਾ ਕਰਕੇ ਪੰਜ ਸਾਲ ਪੰਜਾਬ 'ਤੇ ਇਕ-ਇਕ ਕਰਕੇ ਰਾਜ ਕਰਦੀਆਂ ਸਨ ਪਰ ਹੁਣ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਰੂਪ ਵਿਚ ਤੀਜਾ ਤੇ ਇਮਾਨਦਾਰ ਵਿਕਲਪ ਲੱਭ ਲਿਆ ਹੈ, ਜਿਸ ਕਰਕੇ ਉਨ੍ਹਾਂ ਦਾ ਫ਼ਾਰਮੂਲਾ ਫ਼ੇਲ੍ਹ ਹੋ ਗਿਆ ਹੈ ਙ ਉਨ੍ਹਾਂ ਕਿਹਾ ਕਿ ਪਹਿਲਾਂ ਸਿਰਫ਼ ਝਾੜੂ ਨਾਲ ਘਰਾਂ ਦੀ ਸਫ਼ਾਈ ਕੀਤੀ ਜਾਂਦੀ ਸੀ ਪਰ ਹੁਣ ਆਮ ਆਦਮੀ ਪਾਰਟੀ ਆਪਣੇ ਝਾੜੂ ਨਾਲ ਪੂਰੇ ਭਾਰਤ ਦੀ ਸਫ਼ਾਈ ਕਰੇਗਾ।

ਜਨ ਸਭਾ ਨੂੰ ਸੰਬੋਧਨ ਕਰਦਿਆਂ 'ਆਪ' ਉਮੀਦਵਾਰ ਮੋਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ ਹਰ ਵਰਗ ਅਤੇ ਹਰ ਖੇਤਰ ਦੇ ਵਿਕਾਸ ਲਈ ਇਤਿਹਾਸਕ ਕੰਮ ਕੀਤੇ ਹਨ। ਅੱਜ ਪੰਜਾਬ ਦੇ ਕਰੀਬ 90 ਫ਼ੀਸਦੀ ਘਰਾਂ ਨੂੰ ਜ਼ੀਰੋ ਬਿਜਲੀ ਦਾ ਬਿੱਲ ਆ ਰਿਹਾ ਹੈ। ਪੰਜਾਬ ਵਿੱਚ ਕਈ ਥਾਵਾਂ 'ਤੇ ਮੁਹੱਲਾ ਕਲੀਨਿਕ ਬਣਾਏ ਜਾ ਰਹੇ ਹਨ। ਹੁਣ ਤੱਕ ਕਰੀਬ 850 ਮੁਹੱਲਾ ਕਲੀਨਿਕ ਬਣ ਚੁੱਕੇ ਹਨ। ਨੌਜਵਾਨਾਂ ਨੂੰ ਰੁਜ਼ਗਾਰ ਮਿਲ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਪਿਛਲੇ ਦੋ ਸਾਲਾਂ ਵਿੱਚ 16 ਟੋਲ ਪਲਾਜ਼ੇ ਬੰਦ ਕਰਵਾਏ ਜਿਸ ਕਾਰਨ ਪੰਜਾਬ ਦੇ ਲੋਕਾਂ ਦੀ ਰੋਜ਼ਾਨਾ 70 ਲੱਖ ਰੁਪਏ ਤੋਂ ਵੱਧ ਦੀ ਬੱਚਤ ਹੋ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ 10 ਜੁਲਾਈ ਨੂੰ ਝਾੜੂ ਦਾ ਬਟਨ ਦਬਾ ਕੇ ਮੁੱਖ ਮੰਤਰੀ ਭਗਵੰਤ ਮਾਨ ਦੇ ਲੋਕ ਭਲਾਈ ਕੰਮਾਂ ਤੋਂ ਜਾਣੂ ਕਰਵਾਉਣ ਅਤੇ ਉਨ੍ਹਾਂ ਦਾ ਮਨੋਬਲ ਉੱਚਾ ਕਰਨ ਤਾਂ ਜੋ ਉਹ ਭਵਿੱਖ ਵਿੱਚ ਵੀ ਇਸੇ ਉਤਸ਼ਾਹ ਨਾਲ ਕੰਮ ਕਰ ਸਕਣ।

# ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦਾ 12ਵਾਂ ਸਾਂਝਾ ਕਾਵਿ ਸੰਗ੍ਰਹਿ 'ਸਮੇਂ ਦੇ ਨਕਸ਼' ਲੋਕ ਅਰਪਿਤ ਸਮਾਗਮ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਪਿਛਲੇ 38 ਸਾਲਾਂ ਤੋਂ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਨਿਰੰਤਰ ਸਾਹਿਤਕ ਸਰਗਰਮੀਆਂ ਚਲਾ ਰਹੀ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ, ਮੀਟਿੰਗ ਹਾਲ, ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ। ਇਸ ਮੌਕੇ ਡਾ: ਲਖਵਿੰਦਰ ਜੌਹਲ (ਪ੍ਰਧਾਨ ਪੰਜਾਬੀ ਰਾਈਟਰਜ਼ ਕੋਆਪ੍ਰੇਟਿਵ ਸੁਸਾਇਟੀ ਲਿਮਟਿਡ) ਵਿਸ਼ੇਸ਼ ਮਹਿਮਾਨ, ਹਰਜਿੰਦਰ ਸਿੰਘ ਅਟਵਾਲ (ਸੀਨੀਅਰ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਮੁੱਖ ਮਹਿਮਾਨ ਵਜੋਂ ਪੁੱਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਪ੍ਰਿੰ: ਹਰਬੰਸ ਸਿੰਘ ਘੇਈ (ਐਡੀਸ਼ਨਲ ਐਕਸਾਈਜ਼ ਐਂਡ ਟੈਕਸੇਸ਼ਨ ਕਮਿਸ਼ਨਰ ਪੰਜਾਬ (ਰਿਟਾ:) ਸੁਰਿੰਦਰ ਸਿੰਘ ਸੁੰਨੜ (ਪ੍ਰਧਾਨ ਲੋਕ ਮੰਚ ਪੰਜਾਬ), ਡਾ: ਹਰਪ੍ਰੀਤ ਸਿੰਘ ਹੁੰਦਲ, ਪ੍ਰਿੰਸੀਪਲ ਮੰਗਲ ਸਿੰਘ ਕਿਸ਼ਨਪੁਰਾ, ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ, ਇੰਚਾਰਜ ਸੁਖਵਿੰਦਰ ਸਿੰਘ ਬੁਤਾਲਾ, ਪ੍ਰਿੰਸੀਪਲ ਨਿਰਮਲ ਸਿੰਘ ਸਿੱਧੂ ਬੇਦਾਦਪੁਰ, ਸੁਖਦੇਵ ਸਿੰਘ ਭੁੱਲਰ ਸਾ: ਮੈਨੇਜਰ ਪੰਜਾਬ ਸਕੂਲ ਸਿਖਿਆ ਬੋਰਡ ਮੋਹਾਲੀ, ਮਾ: ਮਨਜੀਤ ਸਿੰਘ ਵੱਸੀ (ਕਰਾਜਕਾਰੀ ਮੈਂਬਰ ਕੇਂਦਰੀ ਸਭਾ), ਗਿ: ਗੁਲਜ਼ਾਰ ਸਿੰਘ ਖੈੜਾ (ਪ੍ਰਧਾਨ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ), ਜਸਵਿੰਦਰ ਸਿੰਘ ਢਿੱਲੋਂ ਪ੍ਰਧਾਨ ਪੰਜਾਬੀ ਸਾਹਿਤ ਅਤੇ ਸਭਿਆਚਾਰਕ ਕੇਂਦਰ ਤਰਨ ਤਾਰਨ, ਦਿਲਰਾਜ ਸਿੰਘ ਦਰਦੀ (ਸਾਹਿਤ ਪ੍ਰਚਾਰ ਮੰਚ), ਡਾ: ਲੇਖ ਰਾਜ (ਸੁਜਾਨਪੁਰ), ਗੁਲਸ਼ਨ





ਮਿਰਜਾਪੁਰੀ ਜਲੰਧਰ ਆਦਿ ਸ਼ੁਸ਼ੋਭਿਤ ਹੋਏ। ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਵੱਲੋਂ ਸੰਪਾਦਿਤ ਕੀਤਾ 12ਵਾਂ ਸਾਂਝਾ ਕਾਵਿ ਸੰਗ੍ਰਹਿ "ਸਮੇਂ ਦੇ ਨਕਸ਼" ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ। ਡਾ: ਲਖਵਿੰਦਰ ਸਿੰਘ ਜੌਹਲ ਵੱਲੋਂ ਸੰਪਾਦਿਤ ਮੈਗਜ਼ੀਨ "ਆਪਣੀ ਅਵਾਜ਼" ਦਾ ਸੁਰਜੀਤ ਪਤਾਰ ਵਿਸ਼ੇਸ਼ ਅੰਕ ਵੀ ਵੰਡਿਆ ਗਿਆ । ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਵੱਲੋਂ ਪੁਸਤਕ "ਸਮੇਂ ਦੇ ਨਕਸ਼" ਵਿੱਚ ਸ਼ਾਮਿਲ 45 ਦੇ ਕਰੀਬ ਲੇਖਕਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਾਮਵਰ ਗਾਇਕ ਮੱਖਣ ਸਿੰਘ ਭੈਣੀਵਾਲਾ, ਅਵਤਾਰ ਸਿੰਘ ਗੋਇੰਦਵਾਲ, ਵਿਨੋਦ ਸ਼ਰਮਾ, ਜਸਵੰਤ ਧਾਪ, ਸੁਰਜੀਤ ਸਿੰਘ ਅਸ਼ਕ, ਅਰਜਿੰਦਰ ਬੁਤਾਲਵੀ, ਲਖਵਿੰਦਰ ਸਿੰਘ ਚੰਦਨ, ਅਜੀਤ ਸਠਿਆਲਵੀ, ਨਵਜੋਤ ਸਿੰਘ ਸਹਾਰੀ, ਸ਼ਿੰਗਾਰਾ ਸਿੰਘ ਸਠਿਆਲਾ, ਪ੍ਰੀਤਪਾਲ ਸਿੰਘ ਗੋਇੰਦਵਾਲੀਆ, ਲਖਵਿੰਦਰ ਸਿੰਘ ਉੱਪਲ ਅਤੇ ਜਸਮੇਲ ਸਿੰਘ ਜੋਧੇ ਆਦਿ ਨੇ ਗਾਇਕੀ ਦੇ ਜੌਹਰ ਦਿਖਾਏ, ਜਦਕਿ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੀ ਪ੍ਰਧਾਨ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਸਤਿੰਦਰਜੀਤ ਕੌਰ ਅੰਮ੍ਰਿਤਸਰ, ਜਤਿੰਦਰਪਾਲ ਕੌਰ ਭਿੰਡਰ, ਅਮਨ ਢਿੱਲੋਂ ਕਸੇਲ, ਮਨਦੀਪ ਕੌਰ ਰਤਨ ਮਹਿਤਾ, ਰਾਜਬੀਰ ਕੌਰ ਗਰੇਵਾਲ, ਗੁਰਮੀਤ ਕੌਰ ਬੱਲ, ਸੁਰਿੰਦਰ ਖਿਲਚੀਆਂ, ਚੰਦਨਪ੍ਰੀਤ ਕੌਰ ਸਹਾਰੀ, ਸੁਖਬੀਰ ਸਿੰਘ ਖੁਰਮਣੀਆਂ, ਸੁਖਦੇਵ ਸਿੰਘ ਗੰਡਵਾਂ, ਮਾ: ਧਰਮ ਸਿੰਘ ਧਿਆਨਪੁਰੀ, ਬਲਬੀਰ ਸਿੰਘ ਬੇਲੀ, ਜਗਨ ਨਾਥ ਨਿਮਾਣਾ ਉਦੋਕੇ, ਮਾ: ਕਿਰਪਾਲ ਸਿੰਘ ਵੇਰਕਾ, ਰਾਜੀਵ ਮੈਹਣੀਆਂ, ਡਾ: ਕੁਲਵੰਤ ਸਿੰਘ ਬਾਠ, ਸੁਲੱਖਣ ਸਿੰਘ ਦੇਹਲਾਂਵਾਲ, ਸਰਬਜੀਤ ਸਿੰਘ ਪੱਡਾ, ਨਵਦੀਪ ਸਿੰਘ ਬਦੇਸ਼ਾ, ਗੁਰਮੀਤ ਸਿੰਘ ਸ਼ੇਰਗਿੱਲ, ਰਾਜਦਵਿੰਦਰ ਸਿੰਘ ਵੜੈਚ, ਬਲਵਿੰਦਰ ਸਿੰਘ ਅਠੌਲਾ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਅਰਮਾਨਜੋਤ ਸਿੰਘ ਦਿਓਲ ਆਦਿ ਨੇ ਕਾਵਿ ਰਚਾਨਵਾਂ ਰਾਹੀਂ ਚੰਗਾ ਰੰਗਾ ਬੰਨਿਆ।


ਸਭ ਦੀ ਪਹਿਲੀ ਪਸੰਦ
JEWEL OF INDIA
Sweets & Restaurant
ਹਰ ਤਰ੍ਹਾਂ ਦੀਆਂ ਸਵਾਦਿਸ਼ਟ ਇੰਡੀਅਨ ਮਠਿਆਈਆਂ ਤੇ ਲਾਜਵਾਬ ਭੋਜਨ
ਵਿਆਹ - ਸ਼ਾਦੀਆਂ ਲਈ ਸਪੈਸ਼ਲ ਆਡਰ ਅਨੁਸਾਰ
ਤਾਜ਼ੀਆਂ ਮਠਿਆਈਆਂ ਤਿਆਰ ਕਰਵਾ ਸਕਦੇ ਹੋ
OPEN :
MONDAY -SUNDAY - 10:00 AM - 9:00 PM
Pick up or Delivery . Order Online at
www.JEWELOFINDIAINC.com
Veg & Non-Veg (BOTH)
VEG
NON-VEG
Order The Best
Indian Sweets
Sukhraj: (408) 637-1464
Ph: (408) 929-5117 | Fax: (408) 929-3894
Address: 2634 Alum Rock Ave San Jose, CA 95116





RE/MAX®
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


ARCPOINT LABS
OF MANTECA
Accurate, Reliable, Confidential Testing.
ਸਾਡੀਆਂ ਸੇਵਾਵਾਂ :
DOT ਦੇ Drug ਤੇ Alcohal Testing
Pre- Employment Testing | Physicals
Hair & Nail Testing |Immigration DNA
Paternity & Relationship DNA
Health Checkups ਜਿਵੇਂ :
Cholestrol Test
Heart Health
Thyroid Test
Diabetes Test
Food Allergy
Vitamin & Nutrient Test
ਆਪਣੇ ਹੋਣ ਵਾਲੇ Baby ਦਾ Gender ਜਾਣੋ 6 Weeks ਵਿੱਚ
BOY? or GIRL?
ਵਧੇਰੇ ਜਾਣਕਾਰੀ ਲਈ ਕਾਲ ਕਰੋ :
(209) 629-8282 |(209) 505-6384
Address : 119. Maple AVe, Suite A Manteca, CA 95336

# ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਪੰਚਾਇਤੀ ਜਮੀਨ ਦੀਆਂ ਬੋਲੀਆਂ ਸਬੰਧੀ ਜ਼ਿਲ੍ਹਾ ਪੱਧਰੀ ਧਰਨਾ ਦੇਣ ਦਾ ਐਲਾਨ



ਸੰਗਰੂਰ
ਸਾਂਝੀ ਸੋਚ ਬਿਊਰੋ

ਅੱਜ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਜੋਨਲ ਕਮੇਟੀ ਦੀ ਮੀਟਿੰਗ ਜਗਤਾਰ ਸਿੰਘ ਤੋਲੇਵਾਲ ਦੀ ਪ੍ਰਧਾਨਗੀ ਹੇਠ ਗਦਰ ਮੈਮੋਰੀਅਲ ਭਵਨ ਵਿਖੇ ਹੋਈ।

ਜਿਸ ਵਿੱਚ ਇਸ ਵਾਰ ਪੰਚਾਇਤੀ ਜਮੀਨ ਦੀਆਂ ਬੋਲੀਆਂ ਵਿੱਚ ਤੀਸਰਾ ਹਿੱਸਾ ਲੈਣ ਸੰਬੰਧੀ ਵੱਖ-ਵੱਖ ਪਿੰਡਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।

ਜਿਸ ਤੋਂ ਬਾਅਦ ਆਗੂਆਂ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਦਿੜ੍ਹਬਾ ਬਲਾਕ ਦੇ ਪਿੰਡ ਸ਼ਾਦੀਹਰੀ ਅਤੇ ਢੰਡੋਲੀ ਕਲਾਂ ਸ਼ੇਰਪੁਰ ਬਲਾਕ ਦੇ ਹੇੜੀਕੇ ਵਿੱਚ ਪ੍ਰਸ਼ਾਸਨ ਵੱਲੋ ਜਾਣਬੁੱਝ ਕੇ ਡੰਮੀ ਬੋਲੀ ਕਰਾਉਣ ਦੀ ਨੀਅਤ ਨਾਲ ਲਗਾਤਾਰ ਵਾਰ-ਵਾਰ ਬੋਲੀਆਂ ਰੱਦ ਕੀਤੀਆਂ ਜਾ ਰਹੀਆਂ ਹਨ।

ਪਿੰਡ ਦਾ ਮਾਹੌਲ ਜਾਣਬੁਝ ਕੇ ਖਰਾਬ ਕੀਤਾ ਜਾ ਰਿਹਾ ਹੈ ਜਦੋਂ ਕਿ ਸਰਕਾਰ ਵੱਲੋਂ ਐਸ/ਸੀ ਧਰਮਸ਼ਾਲਾ ਵਿੱਚ ਬੋਲੀ ਕਰਵਾਉਣ ਦੀ ਲਿਖਤੀ ਤਜਵੀਜ ਵੀ ਹੈ ਪਰ ਪ੍ਰਸ਼ਾਸਨ ਵੱਲੋਂ ਲਗਾਤਾਰ ਐਸ ਸੀ ਧਰਮਸ਼ਾਲਾ ਵਿੱਚ ਬੋਲੀ ਨਾ ਕਰਵਾ ਕੇ ਕਈ ਸਾਲਾਂ ਤੋਂ ਸਾਂਝੀ ਖੇਤੀ ਕਰ ਰਹੇ ਲੋਕਾਂ ਨੂੰ ਖੱਜਲ ਖੁਆਰ ਕੀਤਾ ਜਾ ਰਿਹਾ ਹੈ।

ਇਸ ਤੋਂ ਪਹਿਲਾਂ ਵੱਖ-ਵੱਖ ਪਿੰਡਾਂ ਵਿੱਚ ਕਾਨੂੰਨਨ ਰੇਟ ਘੱਟ ਕਰਾਉਣ ਨੂੰ ਲੈ ਕੇ ਲਗਾਤਾਰ ਬੋਲੀਆ ਰੱਦ ਹੋ ਚੁੱਕੀਆਂ ਹਨ ਪਰ ਪ੍ਰਸ਼ਾਸਨ ਵੱਲੋਂ ਰੇਟ ਘੱਟ ਕਰਨ ਦੀ ਪ੍ਰਵਾਨਗੀ ਨਾ ਦੇ ਕੇ ਲਗਾਤਾਰ ਸੀਜਨ ਦਾ ਸਮਾਂ ਲਗਾਇਆ ਜਾ ਰਿਹਾ ਹੈ ਅਤੇ ਦਲਿਤ ਆਪਣੀ ਫਸਲ ਬੀਜਣ ਨੂੰ ਲੈ ਕੇ ਲਗਾਤਾਰ ਲੇਟ ਹੋ ਰਹੇ ਹਨ ਜਿਸ ਦਾ ਸਖਤ ਨੋਟਿਸ ਲੈਂਦੇ ਹੋਏ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ 10 ਜੁਲਾਈ ਨੂੰ ਡੀ ਸੀ ਦਫਤਰ ਅੱਗੇ ਜ਼ਿਲਾ ਪੱਧਰੀ ਧਰਨਾ ਦੇਣ ਐਲਾਨ ਕੀਤਾ ਜਿਸ ਦੀਆਂ ਤਿਆਰੀਆਂ ਵੱਖ-ਵੱਖ ਪਿੰਡਾਂ ਵਿੱਚ ਵਿੱਢ ਦਿੱਤੀਆਂ ਗਈਆਂ ਹਨ।

ਮੀਟਿੰਗ ਵਿੱਚ ਪ੍ਰਧਾਨ ਮੁਕੇਸ਼ ਮਲੌਦ, ਵਿੱਤ ਸਕੱਤਰ ਬਿੱਕਰ ਸਿੰਘ ਹਥੋਆ, ਗੁਰਚਨ ਸਿੰਘ ਘਰਾਚੋਂ, ਗੁਰਵਿੰਦਰ ਸਿੰਘ ਸ਼ਾਦੀਹਰੀ, ਸ਼ਿੰਗਾਰਾ ਸਿੰਘ ਹੇੜੀਕੇ ਆਦਿ ਹਾਜਰ ਸਨ।

# 18 ਸਾਲ ਤੋਂ ਘੱਟ ਉਮਰ ਵਾਲੇ ਵਿਦਿਆਰਥੀਆਂ ਨੂੰ ਵਾਹਨ ਨਾ ਚਲਾਉਣ ਬਾਰੇ ਕੀਤਾ ਜਾਗਰੂਕ

ਸੰਗਰੂਰ
ਵਿਸ਼ੇਸ਼ ਪ੍ਰਤੀਨਿਧ




ਪੰਜਾਬ ਦੇ ਵਧੀਕ ਡਾਇਰੈਕਟਰ ਜਨਰਲ ਪੁਲਿਸ, ਟਰੈਫਿਕ ਤੇ ਸੜਕ ਸੁਰੱਖਿਆ ਏ.ਐਸ ਰਾਏ ਦੇ ਦਿਸ਼ਾ ਨਿਰਦੇਸ਼ਾਂ ਅਤੇ ਐਸ.ਐਸ.ਪੀ ਸੰਗਰੂਰ ਸਰਤਾਜ ਸਿੰਘ ਚਾਹਲ ਦੀ ਅਗਵਾਈ ਹੇਠ ਜ਼ਿਲਾ ਟਰੈਫਿਕ ਪੁਲਿਸ ਵੱਲੋਂ ਵੱਖ-ਵੱਖ ਵਿਦਿਅਕ ਅਦਾਰਿਆਂ ਵਿੱਚ ਲਗਾਤਾਰ ਸੈਮੀਨਾਰਾਂ ਦਾ ਆਯੋਜਨ ਕਰਕੇ ਵਿਦਿਆਰਥੀਆਂ ਨੂੰ ਆਵਾਜਾਈ ਨਿਯਮਾਂ ਦੀ ਪਾਲਣਾ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਲੜੀ ਦੇ ਤਹਿਤ ਪ੍ਰੇਮ ਸਭਾ ਸੀਨੀਅਰ ਸੈਕਡਰੀ ਸਕੂਲ ਵਿੱਚ ਟਰੈਫਿਕ ਐਜੂਕੇਸ਼ਨ ਪੁਲਿਸ ਵੱਲੋਂ ਅਜਿਹੇ ਹੀ ਇੱਕ ਸੈਮੀਨਾਰ ਦਾ ਆਯੋਜਨ ਕਰਦੇ ਹੋਏ 18 ਸਾਲ ਤੋਂ ਘੱਟ ਉਮਰ ਦੇ ਵਿਦਿਆਰਥੀਆਂ ਨੂੰ ਸਕੂਟਰ, ਮੋਟਸਾਈਕਲ ਅਤੇ ਚਾਰ ਪਹੀਆ ਵਾਹਨ ਨਾ ਚਲਾਉਣ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਥਾਣੇਦਾਰ ਪਵਨ ਸ਼ਰਮਾ ਇੰਚਾਰਜ ਟਰੈਫਿਕ ਐਜੂਕੇਸ਼ਨ ਸੈੱਲ ਸੰਗਰੂਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਅਜਿਹੇ ਸੈਮੀਨਾਰਾਂ ਦਾ ਮਕਸਦ ਵਿਦਿਆਰਥੀ ਨੂੰ ਟਰੈਫਿਕ ਨਿਯਮਾਂ ਸਬੰਧੀ ਮੁਢਲੇ ਤੌਰ ਤੇ ਜਾਣਕਾਰੀ ਪ੍ਰਦਾਨ ਕਰਨਾ ਹੈ ਤਾਂ ਜੋ ਕੋਈ ਵੀ ਵਿਦਿਆਰਥੀ ਇਹਨਾਂ ਨਿਯਮਾਂ ਪ੍ਰਤੀ ਲਾਪਰਵਾਹੀ ਨਾ ਵਰਤ ਸਕੇ। ਉਹਨਾਂ ਦੱਸਿਆ ਕਿ ਸੜਕ ਹਾਦਸਿਆਂ ਦੀ ਵਧ ਰਹੀ ਦਰ ਚਿੰਤਾ ਦਾ ਵਿਸ਼ਾ ਹੈ ਅਤੇ ਬਹੁਤੇ ਮਾਮਲਿਆਂ ਵਿੱਚ ਅਜਿਹਾ ਅਣਗਹਿਲੀ ਨਾਲ ਵਾਹਨ ਚਲਾਉਣ ਕਾਰਨ ਵਾਪਰਦਾ ਹੈ।

ਉਹਨਾਂ ਨੇ ਵਿਦਿਆਰਥੀਆਂ ਨੂੰ ਪੰਜਾਬ ਪੁਲਿਸ ਦੇ ਹੈਲਪਲਾਈਨ ਨੰਬਰ 112 ਅਤੇ 1930 ਬਾਰੇ ਵੀ ਜਾਣਕਾਰੀ ਦਿੱਤੀ ਅਤੇ ਜ਼ਰੂਰਤ ਪੈਣ ਤੇ ਇਹਨਾਂ ਹੈਲਪਲਾਈਨ ਨੰਬਰਾਂ ਦੀ ਵਰਤੋਂ ਕਰਨ ਬਾਰੇ ਸੁਚੇਤ ਕੀਤਾ। ਸੈਮੀਨਾਰ ਦੌਰਾਨ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਬਚਣ ਲਈ ਵੀ ਪ੍ਰੇਰਿਤ ਕੀਤਾ ਗਿਆ ਅਤੇ ਉਹਨਾਂ ਨੂੰ ਦੱਸਿਆ ਗਿਆ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੰਜਾਬ ਪੁਲਿਸ ਨਸ਼ਿਆਂ ਦੀ ਰੋਕਥਾਮ ਲਈ ਪੂਰੀ ਤਰ੍ਹਾਂ ਗੰਭੀਰ ਹੈ ਅਤੇ ਜੇਕਰ ਉਹਨਾਂ ਦੇ ਆਲੇ ਦੁਆਲੇ, ਪਰਿਵਾਰਾਂ ਵਿੱਚ ਜਾਂ ਗਲੀ ਮਹੱਲਿਆਂ ਵਿੱਚ ਕੋਈ ਵੀ ਵਿਅਕਤੀ ਨਸ਼ਿਆਂ ਦੇ ਰੋਗ ਦਾ ਸ਼ਿਕਾਰ ਹੈ ਤਾਂ ਉਸ ਬਾਰੇ ਜਾਣਕਾਰੀ ਆਪਣੇ ਸਕੂਲਾਂ ਦੇ ਅਧਿਆਪਕਾਂ ਨੂੰ ਦਿੱਤੀ ਜਾਵੇ ਅਤੇ ਸਕੂਲਾਂ ਦੇ ਅਧਿਆਪਕ ਪ੍ਰਸ਼ਾਸਨ ਨਾਲ ਤਾਲਮੇਲ ਕਰਦੇ ਹੋਏ ਅਜਿਹੇ ਨਸ਼ਾ ਰੋਗੀਆਂ ਬਾਰੇ ਸੂਚਨਾ ਦੇਣ ਤਾਂ ਜੋ ਉਹਨਾਂ ਦਾ ਸਰਕਾਰੀ ਨਸ਼ਾ ਮੁਕਤੀ ਕੇਂਦਰਾਂ ਵਿੱਚ ਪੰਜਾਬ ਸਰਕਾਰ ਵੱਲੋਂ ਮੁਫਤ ਇਲਾਜ ਕਰਵਾਇਆ ਜਾ ਸਕੇ।

ਸੈਮੀਨਾਰ ਦੌਰਾਨ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਹੌਲਦਾਰ ਬੇਅੰਤ ਸਿੰਘ ਪੀਐਚਸੀ ਮਨਜੀਤ ਸਿੰਘ ਨੇ ਵੀ ਸੰਬੋਧਨ ਕੀਤਾ ਅਤੇ ਆਵਾਜਾਈ ਨਿਯਮਾਂ ਬਾਰੇ ਬੱਚਿਆਂ ਨੂੰ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕੀਤੀ।




SAN MARCO TEEYAN BAY POINT
PROUDLY PRESENTS (NONPROFIT)
7TH ANNUAL WOMENS FESTIWAL
FETURING : GIDHA, DANCE, SKITS, SONGS, LIVE DJ AND MUCH MORE
San marco Teeyan
SINGER
JASPINDER RAINA
HOST
JOT RANJIT
ON SUNDAY JULY 14TH 2024
@MEHRAN BANQUET HALL 12 PM TO 6 PM
3841 RAILROAD AVE, PITTSBURG, CA 94565
REFFEL DRAWING FOR GOLD ITEM
AND MORE PRIZES
PHOTO & VIDEOGRAPHY BY
PAL FILMS
Free Entry
Free Parking
GRAND SPONSOR
CHINNA JEWELERS
FOR MORE INFO & PARTICIPATION CALL
SONIA WALIA
925-565-6058
PARAMJIT NOKWAL
925-323-2523
HARPREET SUTTI
925-465-3414

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES · GOODYEAR · KELLY TIRES · BARKLEY Feel the difference · PIRELLI
MICHELIN A better way forward · BRIDGESTONE · Firestone · YOKOHAMA
PEARLY · NAMA · TOYO TIRES driven to perform · Continental · DUNLOP TIRES

## S. Singh Cell: (510) 766-9382

**2955 N. Wilson Way Stockton , CA 95205**

# SUNSHINE AUTO CARE INC.

**WE REPAIR ALL MAKES & MODELS. AUTO, DIESEL TRUCK & TRAILERS**

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK





1003 Moffat Blvd,
Manteca CA 95336

**209-239-1551**

# Chevron TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ
ਪੰਜਾਬੀ ਰੈਸਟੋਰੈਂਟ
ਵੀ ਹੈ ਅਤੇ ਹਰ ਵੇਲੇ
ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348

E-MAIL:SALES@ezeldsolutions.com

EZ ELD SOLUTIONS
LOGBOOKS MADE EASY

TRACK YOUR TRUCK WITH
EZ TRUCK SOLUTION

ਆਪਣੇ ਟਰੱਕ ਵਿਚ ELD DEVICE ਲਗਾਉਣ ਲਈ ਸਾਨੂੰ ਕਾਲ ਕਰੋ
ਅਸੀਂ ਤੁਹਾਡੇ ਨਾਲ ਪੰਜਾਬੀ ਵਿਚ ਗੱਲ-ਬਾਤ ਕਰ ਸਕਦੇ ਹਾਂ

FMCSA Complaint & Affordable
The Power of telematics in the palm of your hand
Compliance | Asset Tracking | Management

$100 HARDWARE
ONE-TIME FEE

$20 MONTHLY
SUBSCRIPTION

24/7 TECHNICAL SUPPORT IN
ENGLISH,SPANISH AND PUNJABI.

CALL NOW +1 (800) 556-7105

Official Address : 2301 W Belmont ave, Fresno, CA 93727

# PAL FILMS & PHOTO BOOKS

*All Your Photo/Videography & Post Production needs Under One Roof*




Music Video | Pre Shoots | Weddings | Birthdays | Graduations
Stage Shows Or Any Kind Of Events | Customize Photobooks (upto 6 feet)
Video Editing VFX/DI/CC & Much More....

*Full Photo & Videography studio with Green Screen Blue Screen*

**PH: 925 489 3400, 341 356 1517**

Email: palfilms@yahoo.com, palfilms925@gmail.com, www.palfilms.com

**4007 Railroad Ave
Pittsburgh, CA 94565**




ਸਮੁੱਚੀ ਲੋਕਾਈ ਨੂੰ ਸਾਂਝੀਵਾਲਤਾ ਦਾ ਉਪਦੇਸ਼ ਦੇਣ ਵਾਲੇ

# ਮਹਾਨ ਸੰਤ ਅਤੇ ਕਵੀ ਭਗਤ ਕਬੀਰ ਜੀ ਦੇ ਆਗਮਨ ਪੂਰਬ ਸੰਬੰਧੀ

ਸਰਬੱਤ ਦੇ ਭਲੇ ਲਈ

## ਸ੍ਰੀ ਅਖੰਡ ਪਾਠ ਸਾਹਿਬ ਅਤੇ ਕਥਾ -ਕੀਰਤਨ

09,10 ਅਤੇ 11 ਅਗਸਤ ਦਿਨ ਸ਼ੁੱਕਰ, ਸ਼ਨੀ ਅਤੇ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ

**ਸੰਗਤ ਤੇ ਸੇਵਾਦਾਰਾਂ ਦੇ ਪਰਿਵਾਰਾਂ ਵੱਲੋਂ ਸੇਵਾ**

**09 ਅਗਸਤ, 2024**
( ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ )

**11 ਅਗਸਤ, 2024**
( ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ )

ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੀ ਕੀਰਤਨ ਦੀਵਾਨ ਸੱਜਣਗੇ ਤੇ ਸੰਗਤਾਂ ਨੂੰ ਮਹਾਨ ਕੀਰਤਨੀਆਂ ਤੇ ਰਾਗੀਆਂ ਵੱਲੋਂ ਨਿਹਾਲ ਕੀਤਾ ਜਾਵੇਗਾ ।

**ਸੇਵਾਦਾਰ ਪਰਿਵਾਰਾਂ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ |**

ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਪਹੁੰਚੋ ਤੇ ਆਪਣੀਆਂ ਹਾਜ਼ਰੀਆਂ ਲਗਵਾਓ ਜੀ

ਸਮੂਹ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਸਮਾਗਮ ਦੌਰਾਨ ਲੰਗਰ ਦੀ ਸੇਵਾ ਕਰਕੇ ਗੁਰੂ ਦੀਆਂ ਖੁਸ਼ੀਆਂ ਤੇ ਅਸ਼ੀਰਵਾਦ ਪ੍ਰਾਪਤ ਕਰੋ ਜੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : ਰਮੇਸ਼ ਸੁਮਨ : (925) 366 3618 | ਦਿਲਬਾਗ਼ ਸਿੰਘ (209) 834 4641 | ਵਿਨੋਦ ਕੁਮਾਰ : +1 (408) 718-2506

**SRI GURU RAVIDASS TEMPLE: 2150 CRESTVIEW DRIVE, PITTSBURG, CA 94565**


SINCE 1990
BAGGA
PALACE
ਇੱਕੋ ਥਾਂ 'ਤੇ ਪਿਛਲੇ 1990 ਤੋਂ
ਤੁਹਾਡੀ ਸੇਵਾ ਕਰ ਰਹੇ ਹਨ
ਖਰੀਦੋ ਮਨਪਸੰਦ ਸੋਨੇ ਦੇ ਗਹਿਣੇ
ਨਵੇਂ ਤੋਂ ਨਵੇਂ ਡਿਜ਼ਾਈਨ
ਸ਼ੁੱਧਤਾ ਦੀ 100% ਗਾਰੰਟੀ
22 ਕੈਰੇਟ ਸੋਨੇ ਦੇ ਗਹਿਣੇ
We buy Gold
ਸੋਨੇ ਦੇ ਗਹਿਣੇ ਖਰੀਦਣ, ਵੇਚਣ ਅਤੇ ਪੁਰਾਣੇ ਸੋਨੇ ਬਦਲੇ
ਨਵਾਂ ਸੋਨਾ ਲੈਣ ਲਈ ਸੰਪਰਕ ਕਰੋ
Ph.: (916) 393-1872, (916) 678-9312
Monday to Sunday (open) | Tuesday ( closed )
(closed)
ADDRESS : 6620 FLORIN ROAD, SACRAMENTO , CA 95828


A One Auto Repair
a1aurtorepair4@yahoo.com
ਏ ਵਨ ਆਟੋ ਰਿਪੇਅਰ ਸ਼ਾਪ
Tune up
Oil change
Transmission
Brakes
Engine
ਬ੍ਰੈਕ ਰਿਪੇਅਰ
ਆਇਲ ਬਦਲਣਾ
ਕਾਰਾਂ ਦੀ ਡਾਇਗਨੋਸਿਸ
ਟਿਊਨਅਪ
ਟ੍ਰਾਂਸਮਿਸਨਾਂ ਦਾ ਕੰਮ ਤੱਸਲੀਬਖਸ਼
24 ਘੰਟੇ ਉਪਲੱਬਧ
ਹਰ ਤਰ੍ਹਾਂ ਦੀ ਆਟੋ ਰਿਪੇਅਰ ਦਾ ਕੰਮ ਤੱਸਲੀਬਖਸ਼
ਫੋਰਗਨ ਅਤੇ ਡੋਮੇਸਟਿਕ ਕਾਰਾਂ ਦੀ ਰਿਪੇਅਰ
ਆਪਣੀਆਂ ਕਾਰਾਂ ਦੇ ਤੱਸਲੀਬਖਸ਼ ਰਿਪੇਅਰ ਲਈ ਪ੍ਰਦੀਪ ਸਿੰਘ ਨਾਲ
ਕਿਸੇ ਵੇਲੇ ਵੀ ਸੰਪਰਕ ਕਰ ਸਦਕੇ ਹੋਂ।
2213 Rockefeller Dr. Ste.D Ceres CA 95307
PH : (209) 537-5081, CELL : (209) 604-0354

# SUNLIGHT ADULT DAY HEALTH CARE CENTRE

**ਬੁਢਾਪੇ ਨੂੰ ਖ਼ੁਸ਼ਹਾਲ ਤੇ ਰੰਗੀਨ ਬਣਾਓ ਨਵੀਆਂ-ਨਵੀਆਂ communities ਦੇ ਲੋਕਾਂ ਨਾਲ ਬਿਤਾਓ ਸਮਾਂ**



**ਸੋਮਵਾਰ ਤੋਂ ਸ਼ੁਕਰਵਾਰ ਸਵੇਰੇ 9:00 ਵਜੇ ਤੋਂ ਦੁਪਹਿਰ 1:00 ਵਜੇ ਤੱਕ**




**Bus Pickup & Drop**
**ਸਾਫ਼- ਸੁਥਰਾ ਮਾਹੌਲ**
**Health Care Facility**

**Physical, Occupational & Speech Therapy**
**Dietition ਦੁਆਰਾ ਤਿਆਰ Nutritional Diet**
**ਮੈਡੀਕਲ ਸਹੂਲਤਾਂ Entertainment ਲਈ GAMES**

**ਅਸੀਂ ਤੁਹਾਡਾ ਮਨਪਸੰਦ 'ਇੰਡੀਅਨ ਖਾਣਾ' ਵੀ provide ਕਰਦੇ ਹਾਂ**



**ਅਗਰ ਤੁਹਾਡੇ ਕੋਲ ਮੈਡੀਕਲ ਹੈ ਤਾਂ ਸੈਂਟਰ ਵੱਲੋਂ ਤੁਹਾਨੂੰ ਸਾਰੀਆਂ ਸੇਵਾਵਾਂ ਮੁਫ਼ਤ ਮਿਲਣਗੀਆਂ**

**ADDRESS:1581 Cummins Drive Suite 100, Modesto, CA 95358**

**CALL TODAY AT - (209) 408-0019**
**Email : sunlightadhc@yahoo.com**

**ਅਸੀਂ ਹਰ ਸਮੇਂ ਤੁਹਾਡੀ ਮਦਦ ਲਈ ਤਿਆਰ-ਬਰ -ਤਿਆਰ ਹਾਂ**

# ਤੋਹਮਤਾਂ ਦੇ ਕਟੋਰੇ

ਤੋਹਮਤਾਂ ਦੇ ਭਰੇ ਕਟੋਰੇ,
ਪੀਣੇ ਪੈਂਦੇ ਨਿੱਤ ਨਿੱਤ,
ਦੂਸ਼ਣ ਕਈ ਭੈੜੇ ਲੋਕੀਂ,
ਲਾਂਵਦੇ ਨੇ ਨਿੱਠ ਨਿੱਠ।
ਉੱਠਦੀਆਂ ਨੇ ਉਂਗਲਾਂ,
ਮੇਰੇ ਉੱਤੇ ਉਨ੍ਹਾਂ ਦੀਆਂ,
ਜਿਹੜੇ ਹੁੰਦੇ ਖ਼ੁਦ ਹੀ,
ਪੈਰ ਪੈਰ ਰੋਜ਼ ਠਿੱਠ।
ਨਾ ਕੋਈ ਸਾਡੀ ਕੰਧ ਸਾਂਝੀ,
ਨਾ ਕੋਈ ਐਸਾ ਵੱਟ ਬੰਨਾ,
ਰੱਖਦੇ ਨੇ ਖ਼ਾਰ ਫਿਰ ਵੀ,
ਹਰ ਦਮ ਢਿੱਡ ਵਿੱਚ।
ਚੋਪੜਵੀਆਂ ਗੱਲਾਂ ਕਈ,
ਸੁਣੀਆਂ ਨੇ ਮੂੰਹ ਉੱਤੇ,
ਮੂੰਹੋਂ ਨਿਕਲੇ ਰਾਮ ਰਾਮ,
ਛੁਰੀ ਖੋਭਣ ਵਿੱਚ ਪਿੱਠ।
ਸੂਰਤਾਂ ਨੇ ਬੜੀਆਂ,
ਲੱਗਦੀਆਂ ਸ਼ਰੀਫ ਜਿਹੀਆਂ,
ਸੀਰਤ ਅਸਲੀ ਨਿੱਖਰੇ ਤਾਂ,
ਰੂਹ ਦਿਸੇ ਪੂਰੀ ਜਿੱਚ।
ਦੰਦ ਕੱਢ ਦੰਦੀਆਂ,
ਦਿਖਾਉਣ ਵਾਲੇ ਬੜੇ ਦਿਸਣ,
ਦੰਦੀਆਂ ਦੇ ਜ਼ਖ਼ਮ ਵੀ ਮੈਂ,
ਥੱਕ ਗਿਆਂ ਨਿੱਤ ਡਿੱਠ।
ਧੁੱਪ ਵਿੱਚ ਬਣ ਕੇ,
ਦੀਵਾਰ ਵਾਂਗੂੰ ਖੜ੍ਹਾ ਹਾਂ ਮੈਂ,
ਹਾਲੇ ਹੈ ਪਰਛਾਵਾਂ ਮੇਰਾ,
ਲੰਮੇਰਾ ਕਈਆਂ ਨਾਲੋਂ ਗਿੱਠ।
ਬੌਣੀਆਂ ਨੇ ਸ਼ਖ਼ਸੀਅਤਾਂ,
ਕੱਦ ਭਾਵੇਂ ਸਿੰਬਲਾਂ ਦੇ,
ਰੱਬਾ ਬਚਾਈਂ ਹੱਥ ਦੇ ਕੇ,
ਮਤੇ ਮੈਂ ਹੋ ਜਾਵਾਂ ਭਿੱਟ।
ਤੋਹਮਤਾਂ ਦੇ ਭਰੇ ਕਟੋਰੇ,
ਪੀਣੇ ਪੈਂਦੇ ਨਿੱਤ ਨਿੱਤ,
ਦੂਸ਼ਣ ਕਈ ਭੈੜੇ ਲੋਕੀਂ,
ਲਾਂਵਦੇ ਨੇ ਨਿੱਠ ਨਿੱਠ।



ਸਾਂਝੀ ਸੋਚ
ਰਵਿੰਦਰ ਸਿੰਘ ਕੁੰਦਰਾ
ਕਵੈਂਟਰੀ ਯੂ.ਕੇ
+44 77487-72308

# ਹਕੀਕਤ

*–ਜੇਕਰ ਤੁਸੀਂ ਇੱਕ ਘਰੇਲੂ ਔਰਤ ਨੂੰ ਆਪਣਾ ਜੀਵਨ ਸਾਥੀ ਬਣਾਉਣ ਦੀ ਸੋਚਦੇ ਹੋ ਤਾਂ ਇਹ ਮੰਨ ਕੇ ਚਲਣਾ ਕੇ ਉਸ ਕੋਲ ਕਮਾਈ ਦਾ ਕੋਈ ਸਾਧਨ ਨਹੀਂ ਹੈ ਤੇ ਉਹ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ ਪੂਰੀ ਤਰ੍ਹਾਂ ਤੁਹਾਡੇ ਉੱਪਰ ਨਿਰਭਰ ਹੈ।

*–ਜੇਕਰ ਤੁਸੀਂ ਇੱਕ ਸੋਹਣੀ ਅਤੇ ਨਖਰੋ ਔਰਤ ਨੂੰ ਆਪਣਾ ਜੀਵਨ ਸਾਥੀ ਬਣਾਉਣ ਦੀ ਸੋਚਦੇ ਹੋ ਤਾਂ ਉਸ ਦੇ ਸੁੰਦਰ ਲੱਗਣ ਲਈ ਹੁੰਦੇ ਖਰਚੇ ਵੀ ਤੁਹਾਨੂੰ ਉਠਾਉਣੇ ਪੈਣਗੇ।

*–ਜੇਕਰ ਤੁਸੀਂ ਇੱਕ ਨਿਮਰ ਔਰਤ ਨੂੰ ਆਪਣਾ ਜੀਵਨ ਸਾਥੀ ਬਣਾਉਣ ਦੀ ਸੋਚਦੇ ਹੋ ਤਾਂ ਇਹ ਗੱਲ ਵੀ ਪੱਲੇ ਬੰਨ ਕੇ ਚਲਣਾਕੇ ਉਹ ਪੂਰੀ ਤਰ੍ਹਾਂ ਤੁਹਾਡੇ ਉੱਪਰ ਨਿਰਭਰ ਹੋਵੇਗੀ।

*–ਜੇਕਰ ਤੁਸੀਂ ਸਰਭਗੁਣ ਸੰਪੰਨ ਔਰਤ ਨੂੰ ਜੀਵਨ ਸਾਥੀ ਬਣਾਉਣ ਦੀ ਸੋਚਦੇ ਹੋ ਤਾਂ ਇਹ ਗੱਲ ਯਾਦ ਰੱਖਣਾ ਕੇ ਉਹ ਕਠੋਰ ਅਤੇ ਦ੍ਰਿੜ ਹੋਵੇਗੀ।

*–ਹਰ ਔਰਤ ਆਪਣੇ ਆਪ ਚ ਅਦਭੁੱਤ ਹੈ-ਚੰਗੀ ਹੈ। ਉਸਨੂੰ ਉਸਦੇ ਰੂਪ ਚ ਕਬੂਲ ਕਰ ਉਸਦੇ ਮੋਢੇ ਨਾਲ ਮੋਢਾ ਜੋੜ ਤੁਰਨਾ ਤੁਹਾਨੂੰ ਮਹਾਨ ਬਣਾਉਂਦਾ ਹੈ। ਆਪਣਾ ਜੀਵਨ ਸਾਥੀ ਸੋਚ ਸਮਝ ਕੇ ਚੁਣਨਾ।

*–ਗੁਲਾਮਾਂ ਲਈ ਲੜਨਾ ਔਖਾ ਤਾਂ ਹੈ ਪਰ ਇਸ ਤੋਂ ਵੱਧ ਔਖਾ ਇਹ ਉਨ੍ਹਾਂ ਨੂੰ ਸਮਝਾਉਣਾ ਕਿ ਅਸੀਂ ਕਿਉਂ ਲੜ ਰਹੇ ਹਾਂ।

*–ਦੌਰ ਕਾਗਜ਼ੀ ਸੀ ਪਰ ਜਜ਼ਬਾਤ ਦੇਰ ਤੱਕ ਖ਼ਤਾਂ ਵਿੱਚ ਮਹਿਫੂਜ਼ ਰਹਿੰਦੇ ਸਨ, ਅੱਜ ਉਮਰ ਭਰ ਦੀਆਂ ਯਾਦਾਂ ਇੱਕ ਉਂਗਲੀ ਡਿਲੀਟ ਹੋ ਜਾਂਦੀਆਂ ਨੇ।

*–ਕਈ ਥਾਵਾਂ ਤੇ ਪੈਸਾ ਚਲਦਾ, ਕਈ ਥਾਵਾਂ ਤੇ ਪਿਆਰ। ਕਈ ਥਾਵਾਂ ਤੇ ਦੋਸਤ ਖੜ੍ਹਦੇ, ਕਈ ਥਾਂਈਂ ਰਿਸ਼ਤੇਦਾਰ। ਕਈ ਥਾਂ ਭੈਣ ਭਾਈ ਖੜ੍ਹਦੇ, ਕਈ ਥਾਂ ਤੇ ਪਰਿਵਾਰ। ਜਿਸ ਥਾਂ ਉੱਤੇ ਕੋਈ ਨਹੀਂ ਖੜ੍ਹਦਾ ਉਸ ਥਾਂ ਤੇ ਨਿਰੰਕਾਰ।

*–ਇੱਕ 1 ਤੋਂ ਲੈ ਕੇ ਨੌਂ ਸੌ ਨਿੜਨਵੇਂ 999 ਤੱਕ ਦੇ ਸਪੈਲਿੰਗ ਵਿੱਚ ਏ ਓ ਕਿਤੇ ਵੀ ਨਹੀਂ ਆਉਂਦਾ, ਸਿਰਫ ਹਜ਼ਾਰ ਠੌਂਉਂਧ ਲਿੱਖਣ ਵਿੱਚ ਆਉਂਦਾ ਹੈ। ਅੰਗਰੇਜੀ ਵਰਨ ਮਾਲਾ ਦਾ ਪਹਿਲਾ ਅੱਖਰ ਹੰਦਿਆਂ ਹੋਇਆਂ ਵੀ ਉਸ ਨੂੰ ਸਬਰ ਕਰਨਾ ਪਿਆ ਹੈ। ਸਮਾਂ ਤੇ ਮੌਕਾ ਸਭ ਨੂੰ ਮਿਲਦਾ ਹੈ ਪਰ ਥੋੜ੍ਹਾ ਸਬਰ ਕਰਨਾ ਪੈਂਦਾ ਹੈ।

*–ਲੱਭ ਵੇ ਮੁਰੀਦਾ ਕੋਈ ਘਰ ਉਸ ਮਾਹੀ ਦਾ, ਜਿੱਥੇ ਜਾ ਕੇ ਮੁੱਕ ਜੇ ਸਵਾਲ ਹਰ ਰਾਹੀ ਦਾ।

*–ਗੱਲਾਂ ਦੀ ਮਿਠਾਸ ਅੰਦਰਲਾ ਭੇਦ ਨਹੀਂ ਖੋਲਦੀ।



Paramjit Singh Sekhon (Dakha)
President, Dal Khalsa Alliance
1700 Shattuck Ave, # 303 Berkeley CA 94709. (510)774 5909.
A Nonprofit Organization Dedicated to Public Awareness

LARRY T. NIERMEYER



Attorney at Law

OFFERING SERVICES IN THE FOLLOWING AREAS



1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation



PHONE: (209) 574-9447

1420 F STREET ST_ 2ND FLOOR MODESTO, CA 95354

Email : ltniermeyer@aol.com

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital
DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com




Now Open New Banquet Hall in Sacramento
For more info: Contact Paul : (916)334-6000
Seating upto 1200 guests.
Flamingo
Palace
GUARANTEED BEST PRICE & SERVICE IN TOWN
Celebrate!
WEDDING, RECEPTION, QUINCEANERA
HOLIDAY PARTIES, BIRTHDAY PARTIES
CORPORATE FUNCTIONS
flamingobanquets.com


SONNY
DHALIWAL
for SUPERVISOR
EXPERIENCED LEADERSHIP YOU CAN TRUST
Paid for by Sonny Dhaliwal for County Supervisor 2024 FPPC#1459023





SANJHI SOCH

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

SANJHI SOCH

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

**ਸੰਪਰਕ: +1 (209) 303-1260**